ਉਧਰ ਜਦ ਗੁਰੁ ਜੀ ਚਮਕੌਰ ਸਾਹਿਬ ਪਹੁੰਚੇ ਤਾਂ ਉਹਨਾਂ ਸ਼ਹਿਰ ਦੇ ਮੁਖੀ ਨੂੰ ਰਾਤ ਠਹਿਰਣ ਲਈ ਹਵੇਲੀ(ਗੜ੍ਹੀ) ਵਿੱਚ ਜਗਾਹ ਮੰਗੀ। ਵੱਡੇ ਭਰਾ ਨੇ ਮੁਗਲ ਹਕੂਮਤ ਦੇ ਡਰ ਤੋਂ ਨਾਂਹ ਕਰ ਦਿਤੀ ਪਰ ਛੋਟੇ ਭਰਾ ਨੇ ਰਹਿਣ ਲਈ ਹਾਂ ਕਰ ਦਿਤੀ। ਮੁਗਲ ਫੌਜ ਆਪਣੇ ਸਾਰੇ ਵਾਅਦੇ ਤੋੜ ਕੇ ਗੁਰੁ ਜੀ ਦੀ ਤਲਾਸ਼ ਕਰਦੀ ਚਮਕੌਰ ਸਾਹਿਬ ਆ ਗਈ।ਉਹਨਾਂ ਦੀ ਮਨਸ਼ਾ ਸੀ ਕਿ ਗੁਰੂ ਜੀ ਨੂੰ ਜਿਉਂਦੇ ਫੜਿਆ ਜਾਏ।ਸਿੰਘਾਂ ਨੇ ਗੁਰਮਤਾ ਕਰਕੇ ਗੁਰੁ ਜੀ ਨੂੰ ਉਥੋਂ ਬਚ ਕੇ ਨਿਕਲ ਜਾਣ ਦਾ ਹੁਕਮ ਦਿਤਾ ਭਾਵ ਮਨਾ ਲਿਆ। ਰਾਤ ਦੇ ਹਨੇਰੇ ਵਿੱਚ ਗੁਰੁ ਜੀ ਦੇ ਸਿੰਘਾਂ ਨੇ ਆਪਣੀ ਸ਼ਸਤਰ ਵਿਦਿਆ ਨਾਲ ਮੁਗਲ ਫੌਜਾਂ ਨੂੰ ਲੜਾਈ ਵਿੱਚ ਉਲਝਾ ਲਿਆ ਅਤੇ ਗੁਰੁ ਜੀ ਕੁਝ ਸਿੰਘਾਂ ਨਾਲ ਉਥੋਂ ਚਲੇ ਗਏ। ਸਾਕਾ ਸਰਹਿੰਦ ਅਤੇ ਚਮਕੌਰ ਦੀ ਗੜੀ ਦੇ ਸਥਾਨ ਤੇ ਸਾਹਿਬਜ਼ਾਦਿਆਂ ਅਤੇ ਸਿੰਘਾਂ ਦੀ ਯਾਦ ਵਿਚ ਬੜੇ ਸ਼ਾਨਦਾਰ ਗੁਰੂਦੁਆਰੇ ਬਣੇ ਹਨ। ਹਰ ਸਾਲ 25,26,27 ਦਸੰਬਰ ਨੂੰ ਫਤਿਹਗੜ੍ਹ ਸਾਹਿਬ ਵਿਖੇ ਭਾਰੀ ਜੋੜ ਮੇਲਾ ਲੱਗਦਾ ਹੈ ਲੱਖਾਂ ਹਜਾਰਾਂ ਦੀ ਗਿਣਤੀ ਵਿੱਚ ਸਿੱਖ ਉਹਨਾਂ ਨੂੰ ਨਤਮਸਤਕ ਹੋਣ ਲਈ ਆਉਂਦੇ ਹਨ। ਜਦ ਮਾਤਾ ਸੁੰਦਰੀ ਨੇ ਗੁਰੁ ਜੀ ਨੂੰ ਪੁੱਤਰਾਂ ਦੇ ਬਾਰੇ ਪੁਛਿਆ ਤਾਂ ਗੁਰੁ ਜੀ ਦਾ ਜਵਾਬ ਸੀ

"ਇਨ ਪੁਤਰਨ ਕੇ ਸੀਸ ਪਰ ਵਾਰ ਦੀਏ ਸੁਤ ਚਾਰ

ਚਾਰ ਮੂਏ ਤੋ ਕਿਆ ਹੂਆ ਜੀਵਤ ਕਈ ਹਜ਼ਾਰ"

ਦੇਸਾਂ ਵਿਦੇਸਾਂ ਵਿੱਚ ਜਿਥੇ ਵੀ ਸਿਖ ਬੈਠੇ ਹਨ ਇਸ ਦਿਹਾੜੇ ਤੇ ਬੜੀ ਸ਼ਰਧਾ ਨਾਲ ਉਹਨਾਂ ਦੀ ਯਾਦ ਵਿੱਚ ਰੱਬੀ ਬਾਣੀ ਗੁਰੁ ਗਰੰਥ ਸਾਹਿਬ ਜੀ ਦੇ ਪਾਠ,ਅਖੰਡ ਪਾਠ ਦਾ ਜਾਪ ਕਰਾਉਂਦੇ ਹਨ। ਸੰਗਤਾਂ ਬੜੀ ਸ਼ਰਧਾ ਨਾਲ ਧਾਰਮਿਕ ਸਮਾਗਮਾਂ ਵਿੱਚ ਸਾਮਲ ਹੋ ਕੇ ਅਕਾਲ ਪੁਰਖ ਦੀਆਂ ਬਖਸ਼ਿਸਾਂ ਪਰਾਪਤ ਕਰਦੀਆਂ ਹਨ। ਇਸ ਸਾਲ ਮੱਲ ਸਿੰਘ ਬਾਸੀ, ਪ੍ਰੋ: ਨਿਰਮਲ ਸਿੰਘ ਧਾਰਨੀ ਦੇ ਉਦਮ ਸਦਕਾ ਰੋਪੜ,ਸਰਹਿੰਦ,ਚਮਕੌਰ ਸਾਹਿਬ, ਖੁਮਾਣੋ ਦੀਆਂ ਸੰਗਤਾ ਵੱਲੋਂ ਗੁਰੂਦੁਆਰਾ ਸਿੱਖ ਹੈਰੀਟੇਜ ਵਿਖੇ 21 ਦਸੰਬਰ ਨੂੰ ਸ੍ਰੀ ਗੁਰੁ ਗਰੰਥ ਸਾਹਿਬ ਜੀਦੇ ਅਖੰਡ ਪਾਠ ਸਾਹਿਬ ਦਾ ਪ੍ਰਾਅਰੰਭ ਹੋਵੇਗਾ ਅਤੇ 23 ਦਸੰਬਰ ਦਿਨ ਐਤਵਾਰ ਸਵੇਰੇ ਸਾਢੇ ਦਸ ਵਜੇ ਅਖੰਡਪਾਠ ਦੀ ਸੰਪੂਰਨਤਾ ਤੇ ਅਰਦਾਸ ਹੋਵੇਗੀ। ਸੰਗਤਾਂ ਨੂੰ ਇਸ ਪਵਿਤਰ ਦਿਹਾੜੇ ਤੇ ਸ਼ਾਮਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ।

# ਦਸਮੇਸ਼ ਪਿਤਾ ਅਤੇ ਆਪੇ ਗੁਰ ਚੇਲਾ ਦਾ ਸੰਕਲਪ

ਸ਼ਮਸ਼ੇਰ ਸਿੰਘ ਸੋਹੀ

ਮਹਾਨ ਕਵੀ, ਸੰਤ ਸਿਪਾਹੀ, ਸਰਬੰਸਦਾਨੀ, ਬਹਾਦਰ ਜਰਨੈਲ ਅਤੇ ਖ਼ਾਲਸਾ ਪੰਥ ਦੇ ਸਿਰਜਣਹਾਰ ਗੁਰੂ ਗੋਬਿੰਦ ਸਿੰਘ ਜੀ ਦਾ ਜਨਮ 1666 ਨੂੰ ਬਿਹਾਰ ਦੀ ਰਾਜਧਾਨੀ ਪਟਨਾ ਵਿੱਚ ਨੌਵੇਂ ਪਾਤਸ਼ਾਹ ਗੁਰੂ ਤੇਗ਼ ਬਹਾਦਰ ਤੇ ਮਾਤਾ ਗੁਜਰੀ ਜੀ ਦੇ ਗ੍ਰਿਹ ਵਿੱਚ ਹੋਇਆ। ਗੁਰੂ ਜੀ ਦੇ ਪ੍ਰਕਾਸ਼ ਸਮੇਂ ਸਾਰੇ ਪਟਨਾ ਸ਼ਹਿਰ ਵਿੱਚ ਖੁਸ਼ੀਆਂ ਮਨਾਈਆਂ ਗਈਆਂ ਤੇ ਪਿਤਾ ਗੁਰੂ ਤੇਗ਼ ਬਹਾਦਰ ਜੀ, ਜੋ ਕਿ ਉਸ ਸਮੇਂ ਧਰਮ ਪ੍ਰਚਾਰ ਹਿੱਤ ਅਸਾਮ ਦੇ ਦੌਰੇ ਉੱਤੇ ਸਨ, ਨੂੰ ਵਧਾਈ ਭੇਜੀ ਗਈ।

ਗੁਰੂ ਜੀ ਦਾ ਬਚਪਨ ਪਟਨਾ ਵਿੱਚ ਹੀ ਬੀਤਿਆ। ਗੁਰੂ ਜੀ ਨੇ ਬਚਪਨ ਵਿੱਚ ਸ਼ਸਤਰ ਵਿੱਦਿਆ ਦੇ ਨਾਲ ਨਾਲ ਹਿੰਦੀ, ਫ਼ਾਰਸੀ, ਬ੍ਰਜ, ਉਰਦੂ ਅਤੇ ਗੁਰਮੁਖੀ ਭਾਸ਼ਾਵਾਂ ਵਿੱਚ ਵੀ ਨਿਪੁੰਨਤਾ ਹਾਸਲ ਕੀਤੀ। ਠਸਕੇ ਦੇ ਰਹਿਣ ਵਾਲੇ ਸੱਯਦ ਭੀਖਣ ਸ਼ਾਹ ਨੂੰ ਜਦੋਂ ਗੁਰੂ ਜੀ ਦੇ ਪਟਨਾ ਸਾਹਿਬ ਵਿੱਚ ਪ੍ਰਕਾਸ਼ ਹੋਣ ਦੀ ਖ਼ਬਰ ਮਿਲੀ ਤਾਂ ਉਹ ਆਪਣੇ ਦੋ ਮੁਰੀਦਾਂ ਨੂੰ ਨਾਲ ਲੈ ਕੇ ਪਟਨਾ ਪਹੁੰਚ ਗਿਆ। ਉਸ ਸਮੇਂ ਗੁਰੂ ਜੀ ਨੇ ਭੀਖਣ ਸ਼ਾਹ ਦੁਆਰਾ ਲਿਆਂਦੀਆਂ ਦੋ ਕੁੱਜੀਆਂ ਉਤੇ ਆਪਣੇ ਹੱਥ ਧਰਦਿਆਂ ਇਸ ਗੱਲ ਦਾ ਪ੍ਰਮਾਣ ਦਿੱਤਾ ਕਿ ਹਿੰਦੂਆਂ ਅਤੇ ਮੁਸਲਮਾਨਾਂ ਦੇ ਸਾਂਝੇ ਗੁਰੂ ਹੋਣਗੇ।

ਪਿਤਾ ਗੁਰੂ ਤੇਗ਼ ਬਹਾਦਰ ਜੀ ਦੀ ਦੂਜੇ ਧਰਮ ਨੂੰ ਬਚਾਉਣ ਲਈ ਦਿੱਲੀ ਵਿੱਚ ਦਿੱਤੀ ਸ਼ਹਾਦਤ ਤੋਂ ਬਾਅਦ ਬਾਲਕ ਗੋਬਿੰਦ ਰਾਏ ਨੇ ਗੁਰਗੱਦੀ ਸੰਭਾਲ ਲਈ। 1699 ਦੀ ਵਿਸਾਖੀ ਦੇ ਸ਼ੁੱਭ ਦਿਹਾੜੇ ਉੱਤੇ ਸ੍ਰੀ ਅਨੰਦ-ਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਗੁਰੂ ਗੋਬਿੰਦ ਸਿੰਘ ਜੀ ਨੇ ਨੰਗੀ ਸ਼ਮਸ਼ੀਰ ਨਾਲ ਸਟੇਜ ਉੱਤੇ ਆ ਕੇ ਸਾਰੀ ਆਈ ਸੰਗਤ ਵਿੱਚੋਂ ਪੰਜ ਸਿਰਾਂ ਦੀ ਮੰਗ ਕੀਤੀ। ਜਿਨ੍ਹਾਂ ਨੂੰ ਬਾਅਦ ਵਿੱਚ ਅੰਮ੍ਰਿਤ ਛਕਾ ਕੇ ਸਿੰਘ ਥਾਪਿਆ ਤੇ ਪੰਜ ਪਿਆਰੇ ਹੋਣ ਦਾ ਵਰ ਬਖ਼ਸ਼ਿਆ। ਵੱਖਰੀਆਂ ਜਾਤਾਂ ਵਾਲੇ ਪੰਜ ਸਿੰਘਾਂ ਨੂੰ ਇੱਕੋ ਬਾਟੇ ਵਿੱਚੋਂ ਅੰਮ੍ਰਿਤ ਛਕਾ ਕੇ ਗੁਰੂ ਜੀ ਨੇ ਸਮਾਜ ਵਿੱਚ ਚਿਰਾਂ ਤੋਂ ਚੱਲੀ ਆ ਰਹੀ ਜਾਤ ਪਾਤ ਦੀ ਕੁਪ੍ਰਥਾ ਨੂੰ ਖ਼ਤਮ ਕੀਤਾ। ਗੁਰੂ ਜੀ ਨੇ ਪੰਜਾਂ ਪਿਆਰਿਆਂ ਨੂੰ ਪੰਜ ਕਕਾਰ ਦਾ ਅਨੋਖਾ ਵਰਦਾਨ ਦੇ ਕੇ ਸਿੱਖਾਂ ਦੀ ਨਿਵੇਕਲੀ ਪਛਾਣ ਬਣਾਈ। ਗੁਰੂ ਜੀ ਨੇ ਉਨ੍ਹਾਂ ਕੋਲੋਂ ਆਪ ਅੰਮ੍ਰਿਤ ਛਕ ਕੇ ਗੁਰੂ ਤੇ ਸਿੱਖ ਵਿਚਲੇ ਫ਼ਰਕ ਨੂੰ ਦੂਰ ਕੀਤਾ। ਇਸੇ ਲਈ ਭਾਈ ਗੁਰਦਾਸ ਦੂਜੇ ਨੇ ਲਿਖਿਆ ਹੈ:

ਵਹਿ ਪ੍ਰਗਟਿਓ ਮਰਦ ਅਗੰਮੜਾ ਵਰਿਆਮ ਇਕੇਲਾ।

ਵਾਹ ਵਾਹ ਗੋਬਿੰਦ ਸਿੰਘ ਆਪੇ ਗੁਰ ਚੇਲਾ।



ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਦੁਆਰਾ ਰਚਿਤ ਬਾਣੀਆਂ ਵਿੱਚੋਂ ਜਾਪੁ ਸਾਹਿਬ, ਸਵੈਯੇ 33, ਸ਼ਬਦ ਹਜ਼ਾਰੇ, ਜ਼ਫ਼ਰਨਾਮਾ ਆਦਿ ਮੁੱਖ ਹਨ। ਗੁਰੂ ਜੀ ਦੇ ਦਰਬਾਰ ਵਿੱਚ 52 ਕਵੀ ਸਨ, ਜਿਨ੍ਹਾਂ ਨੂੰ ਗੁਰੂ ਸਾਹਿਬ ਇਨਾਮ ਦੇ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕਰਦੇ ਸਨ। ਗੁਰੂ ਜੀ ਦੀ ਚੰਡੀ ਦੀ ਵਾਰ ਬੀਰ ਰਸ ਭਰਪੂਰ ਰਚਨਾ ਹੈ।

ਕਲਗੀਧਰ ਦਸਮੇਸ਼ ਪਿਤਾ ਨੂੰ ਮੁਗਲ ਹਾਕਮਾਂ ਨਾਲ ਕਈ ਯੁੱਧ ਲੜਨੇ ਪਏ। ਚਮਕੌਰ ਦੀ ਗੜ੍ਹੀ ਦੀ ਜੰਗ ਜਿਸ ਸੂਝ ਤੇ ਤਕਨੀਕ ਨਾਲ ਗੁਰੂ ਜੀ ਨੇ ਲੜੀ ਸੰਸਾਰ ਵਿੱਚ ਅਜੇ ਤਕ ਕੋਈ ਵੀ ਜਰਨੈਲ ਅਜਿਹੀ ਸੂਝ ਨਹੀਂ ਦਿਖਾ ਸਕਿਆ। ਮਾਛੀਵਾੜਾ, ਆਲਮਗੀਰ ਤੇ ਰਾਏਕੋਟ ਨੂੰ ਹੁੰਦੇ ਹੋਏ ਗੁਰੂ ਜੀ ਦੀਨਾ ਕਾਂਗੜ ਦੇ ਸਥਾਨ ਉੱਤੇ ਪਹੁੰਚੇ, ਜਿੱਥੇ ਉਨ੍ਹਾਂ ਨੇ ਔਰੰਗਜ਼ੇਬ ਦੇ ਹੁਕਮ ਰਾਹੀਂ ਆਪਣੇ ਨਾਲ ਹੋਈਆਂ ਵਧੀਕੀਆਂ ਤੇ ਜ਼ੁਲਮਾਂ ਦਾ ਵਰਣਨ ਜ਼ਫ਼ਰਨਾਮਾ ਰਾਹੀਂ ਕੀਤਾ। ਇਸ ਖ਼ਤ ਨੂੰ ਪੜ੍ਹ ਕੇ ਔਰੰਗਜ਼ੇਬ ਦੀਆਂ ਅੱਖਾਂ ਨਮ ਹੋ ਗਈਆਂ ਤੇ ਉਸ ਨੇ ਅਸਿੱਧੇ ਤੌਰ ਉੱਤੇ ਹਾਰ ਮੰਨ ਲਈ। ਮੁਕਤਸਰ ਸਾਹਿਬ ਦਾ ਯੁੱਧ ਜਿੱਤਣ ਤੋਂ ਬਾਅਦ ਗੁਰੂ ਜੀ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਪਹੁੰਚ ਗਏ। ਇੱਥੇ ਹੀ ਉਨ੍ਹਾਂ ਨੇ ਭਾਈ ਮਨੀ ਸਿੰਘ ਪਾਸੋਂ ਆਦਿ ਗ੍ਰੰਥ ਸਾਹਿਬ ਮੁੜ ਲਿਖਵਾਇਆ ਤੇ ਇਸ ਵਿੱਚ ਨੌਵੇਂ ਪਾਤਸ਼ਾਹ ਗੁਰੂ ਤੇਗ਼ ਬਹਾਦਰ ਜੀ ਦੀ ਬਾਣੀ ਦਰਜ ਕੀਤੀ।

ਗੁਰੂ ਗੋਬਿੰਦ ਸਿੰਘ ਜੀ ਨੇ ਲੋਕਾਂ ਉੱਤੇ ਹੁੰਦੇ ਅਨਿਆਂ ਤੇ ਧਾਰਮਿਕ ਕੱਟੜਪੁਣੇ ਵਿਰੁੱਧ ਲੜਾਈ ਲੜ ਕੇ ਆਪਣੇ ਪਿਤਾ, ਮਾਤਾ, ਚਾਰ ਸਾਹਿਬਜ਼ਾਦਿਆਂ ਤੇ ਅਣਗਿਣਤ ਸਿੰਘਾਂ ਨੂੰ ਦੇਸ਼, ਧਰਮ ਤੋਂ ਕੁਰਬਾਨ ਕਰ ਦਿੱਤਾ, ਜਿਸ ਦੀ ਮਿਸਾਲ ਵਿਸ਼ਵ ਵਿੱਚ ਹੋਰ ਕਿਤੇ ਨਹੀਂ ਮਿਲਦੀ। ਸਾਡਾ ਵੀ ਇਹ ਫ਼ਰਜ਼ ਬਣਦਾ ਹੈ ਕਿ ਸਮਾਜਿਕ ਕੁਰੀਤੀਆਂ ਦੀ ਜੜ੍ਹ ਮੁਕਾ ਕੇ ਮਜ਼ਲੂਮਾਂ ਦੀ ਰੱਖਿਆ ਲਈ ਅੱਗੇ ਆਈਏ ਤੇ ਗੁਰੂ ਜੀ ਵੱਲੋਂ ਬਖ਼ਸ਼ਿਸ਼ ਕੀਤੇ ਕੁਰਬਾਨੀ ਦੇ ਸਿਧਾਂਤ ਨੂੰ ਅਗਾਂਹ ਤੋਰਨ ਲਈ ਯਤਨਸ਼ੀਲ ਹੋਈਏ। ਇਸ ਵਾਰ ਦਸਮੇਸ਼ ਪਿਤਾ ਦਾ 350 ਸਾਲਾ ਪ੍ਰਕਾਸ਼ ਪੁਰਬ ਤਖ਼ਤ ਸ੍ਰੀ ਪਟਨਾ ਸਾਹਿਬ ਵਿੱਚ ਵਿਸ਼ਵ ਭਰ ਦੀਆਂ ਸਿੱਖ ਸੰਗਤਾਂ ਦੇ ਸਹਿਯੋਗ ਨਾਲ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ।


"Quality is our strength."
SKYDOME GROUP OF COMPANIES
MINISTRY APPROVED SALVAGE INSPECTION STATION
WE DEAL WITH ALL INSURANCE COMPANIES
Body Centre
Daljit Singh President
308 Rutherford Road Brampton
905-874-9878
Inderjit Singh
Skydome Emission & Allignment Centre Inc.
210 Rutherford Rd., Brampton
905-450-9878
QUALITY USED CARS
STAFFORD TRUCK CENTRE
30 Stafford Dr., Brampton, Tel: 905-460-1414
HEAD OFFICE: 905-874-9878
Tol Free: 1-877-799-9878, www.skydomeauto.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

Paramjit Deol Broker
CELL: 416-993-7378
7071 Airport Rd, Suit 201, Mississauga, ON
1. For top dollars, fast sale, Call Paramjit Deol
2 .New listings urgently needed in your area.
3. Qualified buyers waiting!!
4. Sell your Property in 60 days guaranteed.
5. Low commission packages available
Century 21 Leading Edge Realty Ltd Brokerage* Independently Owned and Operated.
Tel:905-405-8484
www.paramjitdeol.com
Email: pdeol3@yahoo.ca
"Your neighborhood broker, Call Paramjit Deol Today"

Mississauga $134,000 — 17 Tannery St: Well Established Franchise Pizzeria, Located In Dwntown Of Mississauga (Streetsville) Fantastic Location, Great Clientele, Very Busy Area, Great Exposure, Lots Of Fast Traffic, High Volume Sales Of $8000 Per Week, Low Rent Of $2800 + Hst

Mississauga $169,900 — 7215 Goreway Dr 70: Attention Investors!! Great Opportunity To Own A Unit In A Very Busy Plaza, Fully Constructed For Barber Shop Or Hair Salon, 3 Stations, Great Exposure And High Traffic Flow. Close to Amenities

St. Catharines $189,000 — 198 Glenridge Ave 5: Turn Key Operation. Be Your Own Boss Today, Well Established Pizzeria, Great Clientele, Prime Location In St. Catherines, Steps Away From Brock University & 2 Major High Schools. There Is A Line Up Everyday At Lunch

Mississauga $199,900 — Techlogics — 5315 Tomken Rd 5: Great Investment Opportunity! Well Established Electronics Store In Mississauga W/ Approx. 2100 Sq Ft, Very Low Rent Of $2,100 & Sales Of $80,000-$90,000. Will Not Last Long!

Mississauga $299,000 — GINO'S PIZZA — 136 Queen St S 2: Well Established Franchise Pizzeria Business For Sale In Downtown Streetsville. Many Years In Business Weekly Sales Are $13500-14000/Wk. Very Busy Location, Located Beside A Huge And Busy Plaza, Across From Tim Hortons, LCBO & Other Stores

Mississauga $399,900 — Photo Not Available — 7120 Pacific Circ B : Well Established Business For Sale, Truck Trailer Repair Shop, Many Years In Business, Well Known & Reputable Service, Long List Of Great Clientele & Repeated Customers, Approx 6,000 Sqft, Hold Upto 6 Trucks At A Time, Fast Sales $900,000 Per Year As

Shelburne $399,999 — 328 Centre St: This Beautiful Renovated Home Comes With 3+2 Bedrooms And 2 1/2 Bathrooms. The Large Kitchen Has Lots Of Storage With Built In Pantry And A Dinning Area For Entertaining Friends And Family. The Large Open-Concept Living Space Provides An Unobstructed View Of The

Toronto $435,000 — 90 Dale Ave 407: Open Concept 2 Bedroom And 2 Bath Bright And Spacious Unit With Fabulous Floor To Ceiling Windows, Convenient Ensuite Laundry, Gym, Indoor Pool, Sauna, Party Room, Security. Guildwood Go Station Nearby. Steps To Conservation Area Trails, Mins

Mississauga $449,000 — 2556 Argyle Rd 1104: Fully Renovated Move-In-Ready Condo, 2 Spacious Bedrooms, 2 Baths In A Very Quiet, Clean & Family Oriented Building In Highly Desirable Area (10 Mins To Square One). Good Layout With Large Living Room, Ensuite Laundry, & Large Balcony (Unobstructed View) With New

Richmond Hill $560,000 — 8868 Yonge St 222E : Westwood Gardens At Yonge And Hwy7 In Richmond Hill Rare On The Market! 2 Bdrm South East Facing Unit Open Concept Layout! Great Location In The Heart Of The Richmond Hill, Features 9 Ft Ceilings, Nice Finishes

Brampton $655,000 — 32 Tollgate St : Beautiful Townhouse In Prestigious Golf Courses & Park Community! Modern Open Concept. Bright Spacious Model Finished Living Space, 3 Bedroom & 4 Bathroom Featuring A Master Ensuite. Minutes From 410, Mall, Transit, Schools & Hospital.

Oshawa $659,000 — Photo Not Available — 150 Windfields Farm Dr 86:Fantastic Opportunity To Own In The Highly Sought After Tribute In The Stunning Windfields Community! Approx. 2000 Sqft, 3 Bed + 3 Bath Corner Unit, Fully Upgraded, Walking Distance To The New Riocan Shopping Centre! Close To 407...

Toronto $829,900 — 29 Phillip Ave: Attention Builders, Renovators & Contractors! Finish To Your Taste! Includes Full Set Of Building Plans & Approved Building Permit For Immediate Development Of A Stunning 2100 Sq Ft Home+Garage, Open Concept Main Floor W/10 Ft Ceilings, 4 Bedroom, 4 Baths, 2 Walk-In Closets &

Brampton $983,000 — 87 Earlsbridge Blvd: This Home Feats Traditional European Style & Tasteful Decor. The Open Concept Main Flr Has Hrwd Flrs, Wainscoting, Designer Light Fixtures. Family-Sized Kitchen Is Fitted With Centre Island, Ss Appliances & Marble

Mississauga $1,100,000 — 785 Craig Carrier Crt: Gorgeous, Premium Lot, All Brick Detached 3+1 Bdrm In Olde Meadowvale Village. All Hdwd Throughout Main Floor, Custom Kitchen B/S Granite, Display Cabinets, S/S App, Brkfst Area, W/O To Deck & Fenced Yrd, Fam Rm W F/Place, Hdwd

Brampton $1,900,000 — Photo Not Available — 115 Orenda Rd: Well Established Business For Sale!! Truck & Trailer Repair Shop, Many Year In Business, Great Reputable Clientele, 8 Drive Indoors, Shop Can Hold Up To 10 Trucks At A Time, Approx 15,000 Sqft, Sales Are $1.5 Million Per Year As Per Seller.

*Canadian punjabi post assumes no responsibility for the accuracy of any information shown. Copyright Ppost 2019

# ਥਾਣੇਦਾਰ ਕੋਲੋਂ 40 ਲੱਖ ਠੱਗਣ ਵਾਲਾ ਜਾਅਲੀ ਥਾਣੇਦਾਰ ਕਾਬੂ

ਤਪਾ ਮੰਡੀ, 22 ਦਸੰਬਰ (ਪੋਸਟ ਬਿਊਰੋ)- ਇੱਕ ਜਾਅਲੀ ਥਾਣੇਦਾਰ ਹੱਥੋਂ ਤਪਾ ਮੰਡੀ ਦੇ ਥਾਣੇ ਵਿੱਚ ਪੰਜਾਬ ਪੁਲਸ ਦੇ ਥਾਣੇਦਾਰ ਦੇ ਲੱਖਾਂ ਰੁਪਏ ਦੀ ਠੱਗੀ ਦੇ ਸ਼ਿਕਾਰ ਹੋਣ ਦਾ ਅਨੋਖਾ ਕੇਸ ਦਰਜ ਹੋਇਆ ਹੈ। ਇਸ ਦਾ ਮੁੱਖ ਦੋਸ਼ੀ ਪੁਲਸ ਨੇ ਗ੍ਰਿਫਤਾਰ ਕਰ ਲਿਆ ਹੈ, ਪਰ ਕੇਸ 'ਚ ਨਾਮਜ਼ਦ ਉਸ ਦੀ ਪਤਨੀ ਅਜੇ ਫਰਾਰ ਦੱਸੀ ਜਾ ਰਹੀ ਹੈ।

ਥਾਣਾ ਤਪਾ 'ਚ ਦਰਜ ਰਿਪੋਰਟ ਅਨੁਸਾਰ ਸੀ ਆਈ ਏ ਸੰਗਰੂਰ ਦੇ ਸਹਾਇਕ ਥਾਣੇਦਾਰ ਪਰਮਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਅਫਸਰ ਕਲੋਨੀ ਸੰਗਰੂਰ ਨੇ ਦੱਸਿਆ ਕਿ ਦੋ ਸਾਲ ਪਹਿਲਾਂ ਉਸ ਦੀ ਮੁਲਾਕ-'ਤ ਇੱਕ ਵਿਅਕਤੀ ਨਾਲ ਹੋਈ ਸੀ, ਜਿਸ ਨੇ ਆਪਣੇ ਆਪ ਨੂੰ ਪੰਜਾਬ ਪੁਲਸ ਦੇ ਖੁਫੀਆ ਵਿਭਾਗ ਦਾ ਸਬ ਇੰਸਪੈਕਟਰ ਦੱਸਿਆ ਤੇ ਆਪਣਾ ਵਿਭਾਗੀ ਪਛਾਣ ਕਾਰਡ ਵੀ ਵਿਖਾਇਆ ਸੀ, ਜਿਸ ਮੁਤਾਬਕ ਉਸ ਦੀ ਪਛਾਣ ਹਰਿੰਦਰ ਸਿੰਘ ਪੁੱਤਰ ਮਾਹਲ ਸਿੰਘ ਵਾਸੀ ਸਮਸ਼ਪੁਰ ਜ਼ਿਲਾ ਪਟਿਆਲਾ ਵਜੋਂ ਹੋਈ ਸੀ। ਉਸ ਦੇ ਪੁਲਸ ਵਾਲੇ ਸ਼ਨਾਖਤੀ ਕਾਰਡ ਕਾਰਨ ਉਸ ਉਤੇ ਏ ਐੱਸ ਆਈ ਨੂੰ ਯਕੀਨ ਹੋ ਗਿਆ। ਉਸ ਵਿਅਕਤੀ ਕਹਿਣ ਲੱਗਾ ਕਿ ਉਹ ਕਿਸੇ ਵਧੇਰੇ ਪੜ੍ਹੇ ਲਿਖੇ ਨੌਜਵਾਨ ਨੂੰ ਸਿੱਧੇ ਸਬ ਇੰਸਪੈਕਟਰ ਅਤੇ 12ਵੀਂ ਪੜ੍ਹੇ ਨੂੰ ਸਿਪਾਹੀ ਲਗਵਾ ਸਕਦਾ ਹੈ, ਜਿਸ ਦੇ ਪੈਸੇ ਲੱਗਣਗੇ। ਸਹਾਇਕ ਥਾਣੇਦਾਰ ਨੇ ਉਸ ਨੂੰ ਆਪਣੇ ਐੱਮ ਟੈੱਕ ਪੜ੍ਹੇ ਪੁੱਤਰ ਜਤਿੰਦਰਪਾਲ ਸਿੰਘ ਨੂੰ ਥਾਣੇਦਾਰ ਭਰਤੀ ਕਰਵਾਉਣ ਲਈ ਕਿਹਾ ਤਾਂ ਉਨ੍ਹਾਂ ਦਾ ਸੌਦਾ ਚਾਲੀ ਲੱਖ ਰੁਪਏ ਵਿੱਚ ਤੈਅ ਹੋ ਗਿਆ। ਉਸ ਵਿਅਕਤੀ ਨੇ ਤਪਾ ਨੇੜਿਓਂ ਕਿਸੇ ਮਿਸ਼ਨ 'ਤੇ ਆਉਣ ਵੇਲੇ ਉਸ ਦੇ ਪੋਸਟ ਗ੍ਰੈਜੂਏਟ ਪੁੱਤਰ ਦੇ ਕਾਗਜ਼ਾਤ ਚੈੱਕ ਕਰਨ ਦੇ ਨਾਲ ਟੋਕਨ ਮਨੀ ਦੀ ਮੰਗ ਕੀਤੀ ਤਾਂ ਏ ਐੱਸ ਆਈ ਦੇ ਪੁੱਤਰ ਨੇ ਉਸ ਵਿਅਕਤੀ ਨੂੰ 20 ਲੱਖ ਰੁਪਏ ਬਤੌਰ ਟੋਕਨ ਮਨੀ ਦੇਣ ਦੇ ਨਾਲ ਆਪਣੇ ਕਾਗਜ਼ਾਤ ਚੈੱਕ ਕਰਵਾਏ। ਉਕਤ ਰਕਮ ਕਾਰ ਵਿੱਚ ਬੈਠੀ ਇੱਕ ਔਰਤ ਨੂੰ ਫੜਾਈ, ਜਿਸ ਨੂੰ ਉਸ ਵਿਅਕਤੀ ਨੇ ਡੀ ਜੀ ਪੀ ਦਫਤਰ ਵਿੱਚ ਕੰਮ ਕਰਦੀ ਅਧਿਕਾਰੀ ਵਜੋਂ ਪੇਸ਼ ਕੀਤਾ ਸੀ। ਸਹਾਇਕ ਥਾਣੇਦਾਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਹੌਲੀ ਹੌਲੀ ਉਹ ਵਿਅਕਤੀ ਉਸ ਤੋਂ ਕਰੀਬ 18 ਲੱਖ ਰੁਪਏ ਹੋਰ ਲੈ ਗਿਆ, ਪਰ ਕਾਫੀ ਸਮਾਂ ਬੀਤਣ ਮਗਰੋਂ ਜਦੋਂ ਉਸ ਦਾ ਕੋਈ ਪਤਾ ਨਾ ਲੱਗਾ ਤਾਂ ਉਸ ਨੂੰ ਆਪਣੇ ਨਾਲ ਹੋਈ ਠੱਗੀ ਦਾ ਪਤਾ ਲੱਗਾ। ਪੀੜਤ ਥਾਣੇਦਾਰ ਨੇ ਦਰਖਾਸਤ 'ਚ ਲਿਖਿਆ ਕਿ ਉਸ ਦੇ ਪੁੱਤਰ ਕੋਲੋਂ ਕਾਰ ਵਿੱਚ ਬੈਠ ਕੇ ਰਕਮ ਲੈਣ ਵਾਲੀ ਔਰਤ ਡੀ ਜੀ ਪੀ ਦਫਤਰ ਦੀ ਅਧਿਕਾਰੀ ਨਹੀਂ, ਉਸ ਵਿਅਕਤੀ ਦੀ ਪਤਨੀ ਸੀ।

ਬਰਨਾਲਾ ਪੁਲਸ ਨੇ ਇਸ ਦੀ ਜਾਂਚ ਕਰ ਕੇ ਆਪਣੇ ਸਹਾਇਕ ਥਾਣੇਦਾਰ ਦੀ ਅਰਜ਼ੀ ਉੱਤੇ ਪਤੀ ਪਤਨੀ ਖਿਲਾਫ ਵੱਖ ਵੱਖ ਧਾਰਾਵਾਂ ਹੇਠ ਥਾਣਾ ਤਪਾ ਵਿਖੇ ਕੇਸ ਦਰਜ ਕਰ ਕੇ ਨਾਮਜ਼ਦ ਦੋਸ਼ੀ ਹਰਿੰਦਰ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਥਾਣਾ ਮੁਖੀ ਨਾਰਾਇਣ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਉਹ ਵਿਅਕਤੀ ਬਰਨਾਲਾ ਰੋਡ ਉਤੇ ਕਿਸੇ ਢਾਬੇ 'ਤੇ ਬੈਠਾ ਹੈ, ਜਿੱਥੋਂ ਉਸ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

















# ਸੰਪਾਦਕੀ

## ਅਣਗੌਲਿਆ ਵਿਸ਼ਾ: ਕੈਨੇਡੀਅਨ ਸਿਟੀਜ਼ਨਸ਼ਿੱਪ

ਕਈ ਵਾਰ ਹੈਰਾਨੀ ਹੁੰਦੀ ਹੈ ਕਿ ਕੈਨੇਡਾ ਵਿੱਚ ਜਿੰਨਾ ਧਿਆਨ ਇੰਮੀਗਰੇਸ਼ਨ ਅਤੇ ਇਸ ਨਾਲ ਜੁੜੇ ਮਸਲਿਆਂ ਉੱਤੇ ਦਿੱਤਾ ਜਾਂਦਾ ਹੈ, ਸਾਡੇ ਸਿਆਸਤਦਾਨਾਂ ਅਤੇ ਮੀਡੀਆ ਦਾ ਉੱਨਾ ਦਿਲ ਦਿਮਾਗ ਸਿਟੀਜ਼ਨਸ਼ਿੱਪ ਉੱਤੇ ਕੇਂਦਰਿਤ ਨਹੀਂ ਹੁੰਦਾ। ਮਿਸਾਲ ਵਜੋਂ ਬੀਤੇ ਦਿਨੀਂ ਫੈਡਰਲ ਅਦਾਲਤ ਨੇ ਇੱਕ ਅਹਿਮ ਫੈਸਲਾ ਦਿੱਤਾ ਕਿ ਕੋਈ ਵਿਅਕਤੀ ਕੈਨੇਡੀਅਨ ਸਿਟੀਜ਼ਨਸ਼ਿੱਪ ਦੀ ਸਹੁੰ ਚੁੱਕੇ ਬਗੈਰ ਸਿਟੀਜ਼ਨਸ਼ਿੱਪ ਹਾਸਲ ਨਹੀਂ ਕਰ ਸਕਦਾ। ਇਸ ਬਾਰੇ ਖੱਬੇ , ਸੱਜੇ ਪੱਖੀ, ਲਿਬਰਲ ਜਾਂ ਕੰਜ਼ਰਵੇਟਿਵ ਪੱਖੀ ਅਖਬਾਰ/ਮੀਡੀਆ ਨੇ ਖ਼ਬਰ ਨਹੀਂ ਛਾਪੀ ਸਿਵਾਏ 2012 ਵਿੱਚ ਆਰੰਭ ਹੋਏ ਓਟਾਵਾ ਤੋਂ ਛੱਪਦੇ ਇੰਟਰਨੈੱਟ ਆਧਾਰਤ ਨਿੱਕੇ ਜਿਹੇ ਡਿਜੀਟਲ ਮੀਡੀਆ ਗਰੁੱਪ (ਸਿਰਫ਼ 6 ਮੁਲਾਜ਼ਮ) ਬਲੈਕਲੌਕ ਰਿਪੋਰਟਰ ਤੋਂ ਜਿਸਨੇ ਅਦਾਲਤ ਤੋਂ ਜਾਕਣਾਰੀ ਹਾਸਲ ਕਰਕੇ ਖ਼ਬਰ ਲਾਈ ਹੈ। ਉਸਦੀ ਖ਼ਬਰ ਨੂੰ ਹੂਬਹੂ ਚੁੱਕ ਕੇ ਟੋਰਾਂਟੋ ਸਨ ਨੇ ਵੀ ਲਾਇਆ ਹੈ।

ਮੌਂਟਰੀਅਲ ਵਿੱਚ ਬੀਤੇ 13 ਸਾਲਾਂ ਤੋਂ ਪਰਮਾਨੈਂਟ ਰੈਜ਼ੀਡੈਂਟ ਵਜੋਂ ਰਹਿੰਦੇ ਆ ਰਹੇ ਸੁਲੇਮਾਨ ਅਲ-ਮੁਹੈਬਿਦ ਦੀ ਇੰਮੀਗਰੇਸ਼ਨ ਅਤੇ ਸਿਟੀਜ਼ਨਸ਼ਿੱਪ ਮਹਿਕਮੇ ਵੱਲੋਂ ਸਿਟੀਜ਼ਨ ਹਾਸਲ ਕਰਨ ਬਾਰੇ ਅਰਜ਼ੀ ਨੂੰ ਖਾਰਜ ਕਰ ਦਿੱਤਾ ਸੀ। ਮੋੜਵੇਂ ਜਵਾਬ ਵਿੱਚ ਸੁਲੇਮਾਨ ਨੇ ਇੰਮੀਗਰੇਸ਼ਨ ਮਹਿਕਮੇ ਉੱਤੇ ਮੁੱਕਦਮਾ ਕਰ ਦਿੱਤਾ ਸੀ। ਮਿਲੀਆਂ ਖ਼ਬਰਾਂ ਮੁਤਾਬਕ ਹੋਇਆ ਇਹ ਕਿ ਸੁਲੇਮਾਨ ਆਪਣੀ ਸਿਟੀਜ਼ਨਸ਼ਿੱਪ ਦੀ ਸਹੁੰ ਚੁੱਕਣ ਤੋਂ ਸਿਰਫ਼ ਦੋ ਦਿਨ ਪਹਿਲਾਂ ਸਾਊਦੀ ਅਰਬੀਆ ਤੋਂ ਵਾਪਸ ਪਰਤਿਆ ਸੀ। ਜਦੋਂ ਏਅਰਪੋਰਟ ਉੱਤੇ ਕੈਨੇਡੀਅਨ ਬਾਰਡਰ ਏਜੰਸੀ ਵੱਲੋਂ ਉਸਦੀ ਪੁੱਛਗਿੱਛ ਕੀਤੀ ਗਈ। ਤਾਂ ਪਤਾ ਕਿ ਉਹ ਆਪਣੇ ਬਿਜਨਸ ਦੇ ਸਬੰਧ ਵਿੱਚ ਬੀਤੇ ਸਾਲਾਂ ਵਿੱਚ ਕਿੰਨੇ ਹੀ ਦੌਰੇ ਸਾਊਦੀ ਅਰਬੀਆ ਦੇ ਲਾ ਚੁੱਕਾ ਹੈ ਪਰ ਇਹਨਾਂ ਦੌਰਿਆਂ ਬਾਰੇ ਉਸਨੇ ਆਪਣੀ ਸਿਟੀਜ਼ਨਸ਼ਿੱਪ ਅਰਜ਼ੀ ਵਿੱਚ ਜ਼ਿਕਰ ਨਹੀਂ ਸੀ ਕੀਤਾ। ਅਜਿਹਾ ਕਰਨਾ ਸਿਟੀਜ਼ਨਸ਼ਿੱਪ ਐਕਟ ਤਹਿਤ ਅਪਰਾਧ ਹੈ ਪਰ ਅਦਾਲਤ ਵਿੱਚ ਸੁਲੇਮਾਨ ਦਾ ਤਰਕ ਸੀ ਕਿ ਸਹੁੰ ਚੁੱਕਣਾ ਮਹਿਜ਼ ਇੱਕ ਰਸਮ ਹੈ ਜਿਸਦਾ ਕੋਈ ਅਰਥ ਨਹੀਂ ਹੈ।

ਇਸ ਮੁੱਕਦਮੇ ਉੱਤੇ ਦਿੱਤੇ ਗਏ ਫੈਸਲਾ ਦਾ ਚੰਗਾ ਪੱਖ ਇਹ ਰਿਹਾ ਕਿ ਜੱਜ ਨੇ ਸਪੱਸ਼ਟ ਕੀਤਾ ਹੈ ਕਿ ਸਿਟੀਜ਼ਨਸ਼ਿੱਪ ਸਹੁੰ ਇੱਕ ਵਿਖਾਵੇ ਮਾਤਰ ਰਸਮ ਨਹੀਂ ਹੈ ਅਤੇ ਨਾ ਹੀ ਕੈਨੇਡੀਅਨ ਸਿਟੀਜ਼ਨਸ਼ਿੱਪ ਪ੍ਰਾਪਤ ਕਰਨਾ ਕਿਸੇ ਪਰਮਾਨੈਂਟ ਰੈਜ਼ੀਡੈਂਟ ਦਾ ਅਧਿਕਾਰ ਹੈ। ਅਦਾਲਤ ਮੁਤਾਬਕ ਸਿਟੀਜ਼ਨਸ਼ਿੱਪ ਹਾਸਲ ਕਰਨਾ ਕੈਨੇਡਾ ਵੱਲੋਂ ਪਰਮਾਨੈਂਟ ਰੈਜ਼ੀਡੈਂਟਾਂ ਨੂੰ ਦਿੱਤਾ ਗਿਆ ਇੱਕ ਵਿਸ਼ੇਸ਼ ਲਾਭ ਹੈ, ਇੱਕ ਅਜਿਹਾ ਅਧਿਕਾਰ ਜੋ ਸਹੁੰ ਚੁੱਕੇ ਜਾਣ ਤੋਂ ਬਾਅਦ ਵੀ ਕਈ ਵਿਸ਼ੇਸ਼ ਪ੍ਰਸਥਿਤੀਆਂ ਵਿੱਚ ਵਾਪਸ ਲਿਆ ਜਾ ਸਕਦਾ ਹੈ।

ਕੈਨੇਡਾ ਵਿੱਚ ਹਰ ਸਾਲ 3 ਲੱਖ ਤੋਂ ਵੱਧ ਲੋਕੀ ਪਰਮਾਨੈਂਟ ਰੈਜ਼ੀਡੈਂਟਾਂ ਵਜੋਂ ਦਾਖ਼ਲ ਹੁੰਦੇ ਹਨ ਜਿਹਨਾਂ ਨੇ ਭੱਵਿਖ ਵਿੱਚ ਸਿਟੀਜ਼ਨ ਬਣਨਾ ਹੈ। 2018 ਵਿੱਚ ਪੌਣੇ ਦੋ ਲੱਖ ਤੋਂ ਵੱਧ ਲੋਕ ਕੈਨੇਡਾ ਦੇ ਸਿਟੀਜ਼ਨ ਬਣੇ ਸਨ। ਅੱਜ ਹਕੀਕਤ ਤਾਂ ਇਹ ਹੈ ਕਿ ਕੈਨੇਡਾ ਦੀ ਜਨਸੰਖਿਆ ਵਿੱਚ ਹੋ ਵਰਤਮਾਨ ਵਿੱਚ ਹੋ ਰਿਹਾ ਵਾਧਾ ਲਗਭੱਗ ਇੰਮੀਗਰਾਟਾਂ ਕਾਰਣ ਸੰਭਵ ਹੋ ਰਿਹਾ ਹੈ। ਐਨੀ ਵੱਡੀ ਤਾਦਾਤ ਵਿੱਚ ਲੋਕਾਂ ਨੂੰ ਪ੍ਰਭਾਵਿਤ ਕਰਨ ਵਾਲੇ ਫੈਸਲੇ ਬਾਰੇ ਤਕਰੀਬਨ ਚੁੱਪ ਵੱਟੀ ਜਾਣੀ ਹੈਰਾਨੀਜਨਕ ਗੱਲ ਹੈ।

ਸਮੇਂ 2 ਉੱਤੇ ਇਹ ਮੰਗ ਜਰੂਰ ਉੱਠਦੀ ਰਹੀ ਹੈ ਕਿ ਸਿਟੀਜ਼ਨਸ਼ਿੱਪ ਸਹੁੰ ਚੁੱਕਣ ਵੇਲੇ ਕਿਸੇ ਪਰਮਾਨੈਂਟ ਰੈਜ਼ੀਡੈਂਟ ਨੂੰ ਇੰਗਲੈਂਡ ਦੀ ਮਹਾਰਾਣੀ ਪ੍ਰਤੀ ਵਫ਼ਾਦਾਰੀ ਪ੍ਰਗਟ ਲਈ ਮਜ਼ਬੂਰ ਨਹੀਂ ਹੋਣਾ ਚਾਹੀਦਾ। ਕੈਨੇਡਾ ਉਹਨਾਂ ਗਿਣੇ ਚੁਣੇ ਮੁਲਕਾਂ ਵਿੱਚੋਂ ਹੈ ਜੋ ਇੰਗਲੈਂਡ ਨਾਲ ਅਤੀਤ ਵਿੱਚ ਰਹੇ ਗੂੜੇ ਰਿਸ਼ਤੇ ਦੀ ਰਿਵਾਇਤ ਨੂੰ ਨਿਭਾਉਂਦਾ ਆ ਰਿਹਾ ਹੈ। ਬੇਸ਼ੱਕ ਇਸ ਮੁੱਦੇ ਉੱਤੇ ਵੀ ਮੀਡੀਆ ਵੱਖ 2 ਵਿਚਾਰ ਪ੍ਰਗਟ ਕਰਦਾ ਆਇਆ ਹੈ ਪਰ ਬਹੁ-ਗਿਣਤੀ ਕੈਨੇਡੀਅਨ ਕੁਈਨ ਪ੍ਰਤੀ ਵਫਾਦਾਰੀ ਨੂੰ ਕੈਨੇਡੀਅਨ ਵਿਰਾਸਤ ਦਾ ਅਹਿਮ ਅੰਗ ਮੰਨਣ ਵਿੱਚ ਮਾਣ ਮਹਿਸੂਸ ਕਰਦੇ ਹਨ। ਮਹਾਰਾਣੀ ਪ੍ਰਤੀ ਵਫਾਦਾਰੀ ਨੂੰ ਫੈਡਰਲ ਅਦਾਲਤ ਵਿੱਚ ਚੁਣੌਤੀ ਦੇਣ ਵਾਲਿਆਂ ਵਿੱਚ ਹੋਰਾਂ ਤੋਂ ਇਲਾਵਾ ਭਾਰਤੀ ਮੂਲ ਦਾ ਕੈਨੇਡੀਅਨ ਪਰਮਾਨੈਂਟ ਰੈਜ਼ੀਡੈਂਟ ਅਸ਼ੋਕ ਚਾਰਲਸ ਵੀ ਸ਼ਾਮਲ ਰਿਹਾ ਹੈ ਜੋ ਕਿੱਤੇ ਵਜੋਂ ਪ੍ਰੋਫੈਸ਼ਨਲ ਫੋਟੋਗਰਾਫਰ ਹੈ।

ਕਿਸੇ ਵੀ ਪਰਵਾਸੀ ਵੱਲੋਂ ਕੈਨੇਡਾ ਆ ਕੇ ਸਿਟੀਜ਼ਨਸ਼ਿੱਪ ਹਾਸਲ ਕਰਨ ਤੱਕ ਦੀ ਯਾਤਰਾ ਬਹੁਤ ਅਹਿਮ ਹੈ ਜਿਸਦਾ ਕੈਨੇਡਾ ਦੇ ਭੱਵਿਖ ਉੱਤੇ ਵੀ ਗਹਿਰਾ ਪ੍ਰਭਾਵ ਪੈਂਦਾ ਹੈ। ਗੁਰਬਾਣੀ ਦਾ ਸਿਧਾਂਤ ਹੈ, ਜਹਾਂ ਜਾਈਏ ਤਹਾਂ ਸੁਹੇਲੇ ਜਿਸ ਤੋਂ ਭਾਵ ਹੈ ਕਿ ਜਿਸ ਧਰਤੀ ਦਾ ਦਾਣਾ ਪਾਣੀ ਖਾਈਏ ਉਸਦਾ ਧੰਨਵਾਦ ਕਰਨਾ ਮਨੁੱਖ ਦਾ ਕਰਮ ਹੋਣਾ ਚਾਹੀਦਾ ਹੈ। ਅਜਿਹੇ ਗੁਣ ਮਨ ਵਿੱਚ ਰੱਖਣ ਨਾਲ ਹੀ ਕੈਨੇਡਾ ਇੱਕ ਮਜ਼ਬੂਤ ਦੇਸ਼ ਵਜੋਂ ਵਿਕਸਿਤ ਹੋਵੇਗਾ।

## ਅਧਿਕਾਰੀਆਂ ਵੱਲੋਂ ਸਪੱਸ਼ਟੀਕਰਨ: ਭਾਰਤ ਦਾ ਪਾਸਪੋਰਟ, ਆਧਾਰ ਤੇ ਵੋਟਰ ਕਾਰਡ ਵੀ ਨਾਗਰਿਕਤਾ ਦੇ ਸਬੂਤ ਨਹੀਂ

ਨਵੀਂ ਦਿੱਲੀ, 22 ਦਸੰਬਰ, (ਪੋਸਟ ਬਿਊਰੋ)- ਇਸ ਵਕਤ ਜਦੋਂ ਭਾਰਤ ਦੇ ਨਵੇਂ ਨਾਗਰਿਕਤਾ ਕਾਨੂੰਨ ਅਤੇ ਐਨ ਆਰ ਸੀ ਦੇ ਵਿਰੁੱਧ ਪ੍ਰਦਰਸ਼ਨ ਹੋ ਰਹੇ ਹਨ ਤਾਂ ਨਾਗਰਿਕਤਾ ਕਾਨੂੰਨ ਬਾਰੇ ਉੱਚ ਸਰਕਾਰੀ ਅਧਿਕਾਰੀਆਂ ਨੇ ਅੱਜ ਇਹ ਗੱਲ ਸਪੱਸ਼ਟ ਕੀਤੀ ਹੈ ਕਿ ਆਧਾਰ ਕਾਰਡ, ਵੋਟਰ ਆਈ ਡੀ ਅਤੇ ਭਾਰਤ ਸਰਕਾਰ ਦਾ ਪਾਸਪੋਰਟ ਕਿਸੇ ਕੋਲ ਹੋਣਾ ਵੀ ਉਸ ਦੀ ਨਾਗਰਿਕਤਾ ਦੇ ਸਬੂਤ ਵਾਲੇ ਦਸਤਾਵੇਜ਼ ਨਹੀਂ ਹਨ।

ਵਰਨਣ ਯੋਗ ਹੈ ਕਿ ਇਨ੍ਹਾਂ ਉੱਚ ਅਧਿਕਾਰੀਆਂ ਤੋਂ ਐਨ ਆਰ ਸੀ (ਨੈਸ਼ਨਲ ਰਜਿਸਟਰ ਆਫ ਸਿਟੀਜ਼ਨਜ਼) ਲਈ ਨਾਗਰਿਕਤਾ ਸਾਬਿਤ ਕਰਨ ਵਾਸਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਪੁੱਛਿਆ ਗਿਆ ਸੀ। ਅਧਿਕਾਰੀਆਂ ਵੱਲੋਂ ਸਪੱਸ਼ਟੀਕਰਨ ਤੋਂ ਇਕ ਦਿਨ ਪਹਿਲਾਂ ਸੋਸ਼ਲ ਮੀਡੀਆ ਉੱਤੇ ਇਕ ਸਰਕਾਰੀ ਦਸਤਾਵੇਜ਼ ਵਾਇਰਲ ਹੋਇਆ ਸੀ, ਜਿਹੜਾ ਇਹ ਦੱਸਦਾ ਸੀ ਕਿ ਵੋਟਰ ਕਾਰਡ ਵੀ ਨਾਗਰਿਕਤਾ ਦੇ ਸਬੂਤ ਵਜੋਂ ਮੰਨਿਆ ਜਾਂਦਾ ਹੈ। ਸਰਕਾਰੀ ਸਰੋਤਾਂ ਨਾਲ ਜੁੜੇ ਦਸਤਾਵੇਜ਼ਾਂ ਵਿਚ ਨਾਗਰਿਕਤਾ ਸੋਧ ਕਾਨੂੰਨ ਤੇ ਇਸ ਦੇ ਬਾਅਦ ਬਣਨ ਵਾਲੇ ਦੇਸ਼ ਵਿਆਪੀ ਐਨ ਆਰ ਸੀ ਦੇ ਬਾਰੇ ਇੰਟਰਨੈੱਟ ਉੱਤੇ ਆਮ ਪੁੱਛੇ ਜਾਂਦੇ ਸਵਾਲ (ਐੱਫ ਏ ਕਿਊ) ਵਿੱਚ 13 ਸਵਾਲ ਤੇ ਜਵਾਬ ਦਰਜ ਹਨ। ਇਸ ਦਾ ਸਿਰਲੇਖ ਹੈ, 'ਏਥੇ ਨਾਗਰਿਕਤਾ ਸੋਧ ਕਾਨੂੰਨ ਦੇ ਅਸਲ ਤੱਥ ਦਿੱਤੇ ਗਏ ਹਨ'।

ਅੱਜ ਇਕ ਉੱਚ ਸਰਕਾਰੀ ਅਧਿਕਾਰੀ ਨੇ ਕਿਹਾ ਕਿ ਵੋਟਰ ਕਾਰਡ, ਅਧਾਰ ਕਾਰਡ ਤੇ ਪਾਸ-ਪੋਰਟ ਆਦਿ ਕੋਈ ਵੀ ਦਸਤਾਵੇਜ਼ ਕਿਸੇ ਵਿਅਕਤੀ ਦੀ ਭਾਰਤੀ ਨਾਗਰਿਕਤਾ ਨੂੰ ਸਾਬਤ ਨਹੀਂ ਕਰਦਾ। ਜੇ ਕੋਈ ਵਿਅਕਤੀ ਅਨਪੜ੍ਹ ਹੈ ਤੇ ਉਸ ਦੇ ਕੋਲ ਕੋਈ ਪਛਾਣ ਦਾ ਦਸਤਾਵੇਜ਼ ਨਹੀਂ ਤਾਂ ਉਹ ਗਵਾਹ ਪੇਸ਼ ਕਰ ਕੇ ਅਪਣੀ ਪਛਾਣ ਸਾਬਤ ਕਰ ਸਕਦਾ ਹੈ। ਇਸ ਦੇ ਨਾਲ ਸੰਬੰਧਤ ਅਧਿਕਾਰੀ ਉਸ ਵਿਅਕਤੀ ਨੂੰ ਕਮਿਊਨਿਟੀ ਵੈਰੀਫੀਕੇਸ਼ਨ ਆਦਿ ਹੋਰ ਤਰ੍ਹਾਂ ਦੇ ਸਬੂਤ ਨਾਲ ਆਪਣੀ ਪਛਾਣ ਸਾਬਤ ਕਰਨ ਲਈ ਮੌਕਾ ਦੇਣਗੇ। ਐਨ ਆਰ ਸੀ ਜਦੋਂ ਪੂਰੇ ਦੇਸ਼ ਵਿਚ ਲਾਗੂ ਹੋਈ ਤਾਂ ਧਰਮ ਦੇ ਅਧਾਰ ਉੱਤੇ ਲਾਗੂ ਨਹੀਂ ਹੋਵੇਗੀ, ਕਿਸੇ ਨੂੰ ਵੀ ਧਰਮ ਦੇ ਅਧਾਰ ਉੱਤੇ ਐਨ ਆਰ ਸੀ ਤੋਂ ਬਾਹਰ ਨਹੀਂ ਰੱਖਿਆ ਜਾਵੇਗਾ।

## ਮੈਂਗਲੂਰੂ ਵਿੱਚ ਕਰਫਿਊ ਵਿੱਚ ਢਿੱਲ, ਹੈਦਰਾਬਾਦ ਵਿੱਚ ਲੋਕਾਂ ਵੱਲੋਂ ਪ੍ਰਦਰਸ਼ਨ

ਬੈਂਗਲੁਰੂ, 22 ਦਸੰਬਰ, (ਪੋਸਟ ਬਿਊਰੋ)- ਨਾਗਰਿਕਤਾ ਸੋਧ ਕਾਨੂੰਨ (ਸੀ ਏ ਏ) ਖ਼ਿਲਾਫ਼ ਹਿੰਸਕ ਵਿਰੋਧ ਪ੍ਰਦਰਸ਼ਨਾਂ ਮਗਰੋਂ ਮੈਂਗਲੁਰੂ ਵਿੱਚ ਹਾਲਾਤ ਸ਼ਾਂਤੀ ਪੂਰਨ ਵੇਖ ਕੇ ਏਥੇ ਕਰਫਿਊ ਦੀ ਢਿੱਲ ਦਿੱਤੀ ਗਈ ਹੈ। ਬੈਂਗਲੁਰੂ ਤੇ ਕਰਨਾਟਕ ਦੇ ਹੋਰ ਥਾਂਈਂ ਵੀ ਹਾਲਾਤ ਸ਼ਾਂਤ ਰਹੇ ਹਨ ਅਤੇ ਕੋਈ ਵੱਡਾ ਵਿਰੋਧ ਪ੍ਰਦਰਸ਼ਨ ਨਹੀਂ ਹੋਇਆ। ਦੂਸਰੇ ਪਾਸੇ ਹੈਦਰਾਬਾਦ ਵਿੱਚ ਸ਼ਨਿਚਰਵਾਰ ਰਾਤ ਹਜ਼ਾਰਾਂ ਲੋਕਾਂ ਨੇ ਆਲ ਇੰਡੀਆ ਮਜਲਿਸ ਏ ਇਤੇਹਾ-ਦੁਲ ਮੁਸਲਮੀਨ (ਏ ਆਈ ਐੱਮ ਆਈ ਐੱਮ) ਦੇ ਮੁੱਖ ਦਫ਼ਤਰ ਅੱਗੇ ਇਕੱਠੇ ਹੋ ਕੇ ਨਵੇਂ ਨਾਗਰਿਕਤਾ ਕਾਨੂੰਨ ਅਤੇ ਐੱਨ ਆਰ ਸੀ ਦਾ ਵਿਰੋਧ ਕੀਤਾ।

ਕਰਨਾਟਕ ਦੇ ਮੁੱਖ ਮੰਤਰੀ ਯੇਦੁਰੱਪਾ ਨੇ ਮੈਂਗਲੁਰੂ ਦਾ ਦੌਰਾ ਕਰ ਕੇ ਹਾਲਾਤ ਦਾ ਜਾਇਜ਼ਾ ਲਿਆ ਤੇ ਹਿੰਸਾ ਦੀਆਂ ਘਟਨਾਵਾਂ ਦੀ ਜਾਂਚ ਕਰਵਾਉਣ ਅਤੇ ਦਿਨ ਵਿੱਚ ਕਰਫਿਊ ਵਿੱਚ ਢਿੱਲ ਦੇਣ ਦਾ ਐਲਾਨ ਕੀਤਾ। ਇਸ ਮੌਕੇ ਕਰਫਿਊ ਦੀ ਉਲੰਘਣਾ ਕਰ ਕੇ ਵਿਰੋਧ ਪ੍ਰਦਰਸ਼ਨ ਕਰਦੇ ਕੇਰਲ ਤੋਂ ਕਮਿਊਨਿਸਟ ਪਾਰਟੀ ਦੇ ਰਾਜ ਸਭਾ ਮੈਂਬਰ ਬਿਨਾਏ ਵਿਸਵਮ ਤੇ ਉਨ੍ਹਾਂ ਦੇ ਸਮਰਥਕਾਂ ਨੂੰ ਪੁਲਿਸ ਨੇ ਗ੍ਰਿਫਤਾਰ ਕਰ ਲਿਆ। ਤਾਮਿਲ ਨਾਡੂ ਵਿੱਚ ਵੀ ਇਸ ਨਾਗਰਿਕਤਾ ਕਾਨੂੰਨ ਦੇ ਖ਼ਿਲਾਫ਼ ਰੋਸ ਪ੍ਰਦਰਸ਼ਨ ਜਾਰੀ ਹੈ। ਸ਼ਨਿਚਰਵਾਰ ਨੂੰ ਚੇਨੱਈ ਦੇ ਐੱਮ ਜੀ ਆਰ ਸੈਂਟਰਲ ਰੇਲਵੇ ਸਟੇਸ਼ਨ ਉੱਤੇ ਰੇਲਵੇ ਆਵਾਜਾਈ ਵਿੱਚ ਅੜਿੱਕਾ ਪਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਪੁਲਿਸ ਨੇ ਉਨ੍ਹਾਂ ਦੀ ਸਫ਼ਲ ਨਹੀਂ ਹੋਣ ਦਿੱਤੀ।

ਉੱਤਰ-ਪੂਰਬ ਵਿੱਚ ਅਸਾਮ ਅਤੇ ਮੇਘਾਲਿਆ ਵਿੱਚ ਸ਼ਾਂਤੀ ਹੈ, ਪਰ ਸ਼ਾਂਤੀਪੂਰਨ ਵਿਰੋਧ ਜਾਰੀ ਹੈ। ਅਸਾਮ ਵਿੱਚ ਡਿਬਰੂਗੜ੍ਹ ਅਤੇ ਮੇਘਾਲਿਆ ਵਿੱਚ ਸ਼ਿਲਾਂਗ ਦੇ ਦੋ ਥਾਣਾ ਇਲਾਕਿਆਂ ਵਿੱਚ ਕਰਫਿਊ ਵਿੱਚ ਢਿੱਲ ਦਿੱਤੀ ਗਈ ਹੈ। ਦੋਵਾਂ ਰਾਜਾਂ ਵਿੱਚ ਮੋਬਾਈਲ ਤੇ ਇੰਟਰਨੈੱਟ ਤੋਂ ਪਾਬੰਦੀ ਹਟਾ ਲਈ ਗਈ ਹੈ।

## ਬੀ ਡੀ ਪੀ ਓ ਵਿਰੁੱਧ ਛੇੜਛਾੜ ਦਾ ਕੇਸ ਹਾਈ ਕੋਰਟ ਦੇ ਦਖ਼ਲ ਨਾਲ ਦਰਜ

ਮੁਕੇਰੀਆਂ, 21 ਦਸੰਬਰ (ਪੋਸਟ ਬਿਊਰੋ)- ਮਹਿਲਾ ਮੁਲਾਜ਼ਮ ਨਾਲ ਛੇੜਛਾੜ ਕਰਨ ਦੇ ਦੋਸ਼ ਹੇਠ ਪੰਜਾਬ ਪੁਲਸ ਨੇ 12 ਨਵੰਬਰ ਨੂੰ ਮੁਕੇਰੀਆਂ ਦੇ ਸਾਬਕਾ ਬੀ ਡੀ ਪੀ ਓ ਹੀਰਾ ਸਿੰਘ ਦੇ ਖ਼ਿਲਾਫ਼ ਕੇਸ ਦਰਜ ਕਰ ਲਿਆ ਸੀ, ਪਰ ਬੀ ਡੀ ਪੀ ਓ ਦੇ ਸਿਆਸੀ ਰਸੂਖ ਕਾਰਨ ਇਸ ਦੀ ਜਾਣਕਾਰੀ ਪੁਲਸ ਨੇ ਦੱਬ ਲਈ ਗਈ ਸੀ। ਇਹ ਜਾਣਕਾਰੀ ਸਾਂਝੀ ਸੰਘਰਸ਼ ਕਮੇਟੀ ਦੇ ਆਗੂ ਸੁਲੱਖਣ ਸਿੰਘ ਜੱਗੀ ਅਤੇ ਹੋਰਨਾਂ ਨੇ ਦਿੱਤੀ ਹੈ। ਇਨ੍ਹਾਂ ਆਗੂਆਂ ਨੇ ਦਰਜ ਹੋਏ ਕੇਸ ਦੀਆਂ ਕਾਪੀਆਂ ਦਿੰਦੇ ਹੋਏ ਕਿਹਾ ਕਿ ਬੀ ਡੀ ਪੀ ਓ ਖ਼ਿਲਾਫ਼ ਇਹ ਕਾਰਵਾਈ ਹਾਈ ਕੋਰਟ ਦੇ ਦਖ਼ਲ ਕਾਰਨ ਹੋਈ ਹੈ। ਇਸ ਤੋਂ ਪਹਿਲਾਂ ਸਿਆਸੀ ਰਸੂਖ ਵਾਲੇ ਬੀ ਡੀ ਪੀ ਓ ਹੀਰਾ ਸਿੰਘ ਨੂੰ ਪੁਲਸ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸਰਕਾਰ ਵੱਲੋਂ ਬਚਾਇਆ ਜਾ ਰਿਹਾ ਸੀ। ਕਮੇਟੀ ਆਗੂਆਂ ਨੇ ਦੱਸਿਆ ਕਿ ਬੀ ਡੀ ਪੀ ਓ ਦਫ਼ਤਰ ਮੁਕੇਰੀਆਂ ਦੀ ਸੇਵਾਦਾਰ ਮੁਲਾਜ਼ਮ ਨੇ ਮੁਕੇਰੀਆਂ ਦੇ ਸਾਬਕਾ ਬੀ ਡੀ ਪੀ ਓ ਹੀਰਾ ਸਿੰਘ ਉੱਤੇ ਛੇੜਛਾੜ ਦੇ ਦੋਸ਼ ਲਾਏ ਸਨ। ਇਸ ਕੇਸ ਦੇ ਜਾਂਚ ਅਧਿਕਾਰੀ ਏ ਡੀ ਸੀ ਹੁਸ਼ਿਆਰਪੁਰ ਅੰਮ੍ਰਿਤਾ ਸਿੰਘ ਪਹਿਲਾਂ ਇਸ ਬੀ ਡੀ ਪੀ ਓ ਖ਼ਿਲਾਫ਼ ਕਾਰਵਾਈ ਲਈ ਪੁਲਸ ਨੂੰ ਸਿਫਾਰਸ਼ ਕਰ ਚੁੱਕੀ ਸੀ, ਪਰ ਬੀ ਡੀ ਪੀ ਓ ਦੇ ਸਿਆਸੀ ਰਸੂਖ ਕਾਰਨ ਮੁਕੇਰੀਆਂ ਦੀ ਪੁਲਸ ਚੁੱਪੀ ਧਾਰੀ ਬੈਠੀ ਸੀ, ਜਿਸ ਕਾਰਨ ਮਹਿਲਾ ਮੁਲਾਜ਼ਮ ਨੇ ਹਾਈ ਕੋਰਟ ਨੂੰ ਪਹੁੰਚ ਕੀਤੀ ਸੀ। ਉਨ੍ਹਾਂ ਕਿਹਾ ਕਿ ਪੁਲਸ ਨੇ ਪੀੜਤਾ ਦੀ ਸ਼ਿਕਾਇਤ ਦੇ ਆਧਾਰ 'ਤੇ 12 ਨਵੰਬਰ ਨੂੰ ਉਸ ਅਧਿਕਾਰੀ ਖ਼ਿਲਾਫ਼ ਕੇਸ ਦਰਜ ਕੀਤਾ ਸੀ, ਪਰ ਇਸ ਬਾਰੇ ਕਿਸੇ ਨੂੰ ਭਿਣਕ ਨਹੀਂ ਸੀ ਲੱਗਣ ਦਿੱਤੀ। ਕੇਸ ਦਰਜ ਹੋਣ ਬਾਰੇ ਪੀੜਤਾ ਨੂੰ ਹਾਈ ਕੋਰਟ ਵਿੱਚ ਜਾ ਕੇ ਪਤਾ ਲੱਗਾ।

## ਐੱਨ ਆਰ ਸੀ ਅਤੇ ਸਿਟੀਜ਼ਨ ਬਿੱਲ ਦੇ ਬਾਅਦ ਐੱਨ ਪੀ ਆਰ ਦੀ ਸੱਟ ਝੱਲਣ ਲਈ ਤਿਆਰ ਰਹੋ!



ਜਤਿੰਦਰ ਪੰਨੂ

ਸਾਢੇ ਕੁ ਪੰਜ ਸਾਲ ਪਹਿਲਾਂ ਭਾਰਤ ਦੀ ਕਮਾਨ ਸੰਭਾਲਦੇ ਸਾਰ ਪਹਿਲੇ ਵਿਦੇਸ਼ੀ ਦੌਰੇ ਲਈ ਨੇਪਾਲ ਗਏ ਨਰਿੰਦਰ ਮੋਦੀ ਨੇ ਓਥੋਂ ਦੀ ਪਾਰਲੀਮੈਂਟ ਵਿੱਚ ਭਾਸ਼ਣ ਏਥੋਂ ਆਰੰਭ ਕੀਤਾ ਸੀ: 'ਮੈਂ ਆਪ ਕੋ ਤੀਨ ਹਿੱਟ ਕਰੂੰਗਾ' ਅਤੇ ਸਾਰੇ ਲੋਕ ਸੋਚਾਂ ਵਿੱਚ ਪੈ ਗਏ ਸਨ ਕਿ ਇਸ ਦਾ ਮਤਲਬ ਕੀ ਕੱਢਿਆ ਜਾਵੇ? ਭਾਸ਼ਾ ਦੇ ਮੁਤਾਬਕ ਤਾਂ ਇਹ ਨਿਕਲਦਾ ਸੀ ਕਿ ਉਨ੍ਹਾਂ ਨੂੰ ਤਿੰਨ ਵਾਰ ਮਾਰ ਪੈਣ ਵਾਲੀ ਹੈ, ਪਰ ਮੋਦੀ ਸਾਹਿਬ ਨੇ ਕਹਿ ਦਿੱਤਾ ਕਿ ਤਿੰਨ ਹਿੱਟ 'ਹਾਈਵੇਜ਼, ਸੂਚਨਾ ਟੈਕਾਨਲੋਜੀ ਅਤੇ ਟਰਾਂਸਮਿਸ਼ਨ' ਵਿੱਚ ਭਾਰਤ ਦੀ ਸਰਕਾਰ ਨੇਪਾਲ ਦੀ ਮਦਦ ਕਰੇਗੀ। ਸਮਾਂ ਪਾ ਕੇ ਕੁਝ ਗੱਲਾਂ ਵਿੱਚ ਦੋਵਾਂ ਦੇਸ਼ਾਂ ਦੇ ਮੱਤਭੇਦ ਵਧਣ ਲੱਗੇ ਤਾਂ ਇਸ 'ਹਿੱਟ' ਦਾ ਜ਼ਿਕਰ ਵੀ ਨੇਪਾਲ ਵਿੱਚ ਕਈ ਤਰ੍ਹਾਂ ਕੀਤਾ ਜਾਣ ਲੱਗ ਪਿਆ ਸੀ। ਭਾਰਤ ਦਾ ਉਹ ਚਿਰਾਂ ਦਾ ਦੋਸਤ ਦੇਸ਼ ਇਨ੍ਹਾਂ ਸਾਢੇ ਪੰਜ ਸਾਲਾਂ ਵਿੱਚ ਭਾਰਤ ਨਾਲੋਂ ਫਾਸਲਾ ਪਾਈ ਗਿਆ ਤੇ ਚੀਨ ਨਾਲ ਸੰਬੰਧਾਂ ਵਿੱਚ ਨਿੱਘ ਵਧਾਈ ਗਿਆ ਸੀ। 'ਹਿੱਟ' ਉਸ ਨੂੰ ਨਹੀਂ ਸੀ ਪਈ, ਭਾਰਤ ਨੂੰ ਪੈਣ ਵਰਗੀ ਗੱਲ ਹੋ ਗਈ ਸੀ।

ਇਸ ਤੋਂ ਬਾਅਦ ਜਿਹੜੇ ਲੋਕਾਂ ਨੇ ਨਰਿੰਦਰ ਮੋਦੀ ਦੇ ਸੰਸਾਰ ਭਰ ਵਿੱਚ ਦਿੱਤੇ ਜਾਂਦੇ ਭਾਸ਼ਣਾਂ ਨੂੰ ਗਹੁ ਨਾਲ ਸੁਣਨ ਦੀ ਕੋਸ਼ਿਸ਼ ਕੀਤੀ ਹੈ, ਉਹ ਜਾਣਦੇ ਹਨ ਕਿ ਉਨ੍ਹਾਂ ਭਾਸ਼ਣਾਂ ਵਿੱਚ 'ਤਿੰਨ' ਦਾ ਟੋਟਕਾ ਕਈ ਵਾਰ ਚੱਲਿਆ ਹੈ। ਭਾਰਤ ਦੇ ਅੰਦਰ ਜਿਹੜਾ ਅਜੋਕਾ ਧਮੱਚੜ ਨਾਗਰਿਕਤਾ ਦੇ ਸਵਾਲ ਉੱਤੇ ਪਿਆ ਹੈ, ਇਸ ਵਿੱਚ ਵੀ 'ਤਿੰਨ' ਦੀ ਝਲਕ ਪੇਸ਼ ਕਰਨ ਤੋਂ ਉਹ ਨਹੀਂ ਰਹਿ ਸਕੇ।

ਪਹਿਲਾਂ ਐੱਨ ਆਰ ਸੀ (ਨੈਸ਼ਨਲ ਰਜਿਸਟਰ ਆਫ ਸਿਟੀਜ਼ਨਜ਼) ਦੀ ਕਾਰਵਾਈ ਸ਼ੁਰੂ ਕਰ ਕੇ ਆਸਾਮ ਅਤੇ ਕੁਝ ਹੋਰ ਰਾਜਾਂ ਵਿੱਚ ਅਮਨ-ਅਮਾਨ ਨਾਲ ਵੱਸਦੇ ਲੋਕਾਂ ਦੀ ਨੀਂਦ ਉਡਾਈ ਸੀ। ਫਿਰ ਇਸ ਦੀ ਅਗਲੀ ਕਾਰਵਾਈ ਵਜੋਂ ਸੀ ਏ ਬੀ (ਸਿਟੀਜ਼ਨਜ਼ ਅਮੈਂਡਮੈਂਟ ਬਿੱਲ) ਚੁੱਕ ਲਿਆਂਦਾ ਅਤੇ ਇਸ ਦੇ ਵਿਰੁੱਧ ਭਾਰਤ ਦੇ ਕੋਨੇ-ਕੋਨੇ ਵਿੱਚ ਏਦਾਂ ਦੀ ਵਿਰੋਧੀ ਲਹਿਰ ਚੱਲੀ ਕਿ ਰੁਕਣ ਵਿੱਚ ਨਹੀਂ ਆ ਰਹੀ। ਉੱਤਰ ਪ੍ਰਦੇਸ਼ ਵਿੱਚ ਨੌਂ ਮੌਤਾਂ ਹੋ ਚੁੱਕੀਆਂ ਹਨ ਤੇ ਸਾਰੇ ਦੇਸ਼ ਦੇ ਅੰਕੜੇ ਲਏ ਜਾਣ ਤਾਂ ਡੇਢ ਦਰਜਨ ਦੇ ਨੇੜੇ ਦੱਸੇ ਜਾਂਦੇ ਹਨ। ਭਾਰਤ ਦੇ ਲੋਕਾਂ ਦਾ ਏਨੇ ਨਾਲ ਵੀ ਸਾਹ ਸੌਖਾ ਨਹੀਂ ਹੋਣ ਲੱਗਾ, ਅੱਗੋਂ ਫਿਰ 'ਤਿੰਨ ਹਿੱਟ' ਵਾਂਗ 'ਐੱਨ ਪੀ ਆਰ' (ਨੈਸ਼ਨਲ ਪਾਪੂਲੇਸ਼ਨ ਰਜਿਸਟਰ) ਦੇ ਹਕੀਮੀ ਨੁਸਖੇ ਦਾ ਕੰਮ ਚੁੱਪ-ਚੁਪੀਤੇ ਜਾਣ ਲੱਗਾ ਹੈ। ਭਾਜਪਾ ਦੀਆਂ ਸਰਕਾਰਾਂ ਨੇ ਅੱਗੇ ਵਾਂਗ ਇਸ ਨਵੇਂ ਨੁਸਖੇ ਦਾ ਵੀ ਸਵਾਗਤ ਕੀਤਾ ਅਤੇ ਕਿਸੇ ਫੌਜੀ ਦਸਤੇ ਵਾਂਗ ਜੰਗੀ ਪੱਧਰ ਉੱਤੇ ਕੰਮ ਕਰਨਾ ਆਰੰਭ ਕਰ ਦਿੱਤਾ ਹੈ ਤੇ ਇਸ ਤੋਂ ਵੱਖਰੀ ਰਾਜਸੀ ਪਹੁੰਚ ਵਾਲੀਆਂ ਸਰਕਾਰਾਂ ਨੇ ਇਸ ਦਾ ਵਿਰੋਧ ਕਰਨ ਦਾ ਇਰਾਦਾ ਜ਼ਾਹਰ ਕਰ ਦਿੱਤਾ ਹੈ।

ਤਿੰਨ-ਤਿੰਨ ਸ਼ਬਦਾਂ ਦੇ ਫਾਰਮੂਲੇ ਵਾਲਾ ਇਹ ਤੀਸਰਾ 'ਹਿੱਟ' ਪਹਿਲੇ ਦੋਵਾਂ ਦੀ ਲਗਾਤਾਰਤਾ ਦਾ ਅੰਗ ਹੈ। ਪਹਿਲੇ ਦੌਰ ਵਿੱਚ ਇਹ ਛਾਣਾ ਲਾਉਣ ਦੀ ਇਰਾਦਾ ਦੱਸਿਆ ਗਿਆ ਸੀ ਕਿ ਬੰਗਲਾ ਦੇਸ਼ ਦੇ ਬਣਨ ਵੇਲੇ ਉਸ ਪਾਸਿਓਂ ਆਉਣ ਦੇ ਬਾਅਦ ਭਾਰਤ ਵਿੱਚ ਰੁਕੇ ਰਹਿ ਗਏ ਫਲਾਣੇ ਲੋਕ ਭਾਰਤ ਦੇ ਨਾਗਰਿਕ ਨਹੀਂ ਮੰਨੇ ਜਾ ਸਕਦੇ ਤੇ ਉਨ੍ਹਾਂ ਨੂੰ ਕੱਢਣ ਦੀ ਕਾਰਵਾਈ ਸ਼ੁਰੂ ਕਰਨੀ ਹੈ। ਉਸ ਵਿੱਚ ਭਾਰਤ ਦੇ ਸਾਬਕਾ ਰਾਸ਼ਟਰਪਤੀ ਫਖਰੁਦੀਨ ਅਲੀ ਅਹਿਮਦ ਦੇ ਵਾਰਸਾਂ ਨੂੰ ਸ਼ੱਕੀ ਖਾਤੇ ਵਿੱਚ ਲਿਖ ਕੇ ਸਾਰਿਆਂ ਨੂੰ ਉਂਗਲਾਂ ਟੁੱਕਣ ਲਾ ਦਿੱਤਾ ਗਿਆ ਸੀ ਅਤੇ ਫੌਜ ਦੀ ਲੰਮਾ ਸਮਾਂ ਸੇਵਾ ਕਰ ਕੇ ਰਿਟਾਇਰ ਹੋਏ ਜਾਂ ਹਾਲੇ ਤੱਕ ਸੇਵਾ ਕਰ ਰਹੇ ਕਈ ਲੋਕਾਂ ਦੇ ਪਰਵਾਰਾਂ ਨੂੰ ਵੀ ਆਪਣਾ ਭਾਰਤੀ ਹੋਣਾ ਸਾਬਤ ਕਰਨ ਲਈ ਭਾਜੜ ਪਾ ਦਿੱਤੀ ਗਈ ਸੀ। ਅਗਲੇ ਪੜਾਅ ਵਿੱਚ ਸਿਟੀਜ਼ਨਜ਼ ਸੋਧ ਬਿੱਲ ਦੇ ਨਾਲ ਛੇ ਧਰਮਾਂ ਦੇ ਲੋਕਾਂ ਨੂੰ ਭਾਰਤ ਵਿੱਚ ਜਾਇਜ਼ ਨਾ ਵੀ ਹੋਣ ਤਾਂ ਰਹਿਣ ਦਾ ਹੱਕ ਦੇਣ ਦਾ ਰਾਹ ਕੱਢਿਆ ਗਿਆ ਤੇ ਸਿਰਫ ਮੁਸਲਿਮ ਭਾਈਚਾਰੇ ਦੇ ਨਾਗਰਿਕਾਂ ਲਈ ਪਛਾਣ ਵਿੱਚ ਸ਼ੱਕੀ ਗਿਣੇ ਗਏ ਲੋਕਾਂ ਨੂੰ ਕੱਢਣ ਦਾ ਸੰਕੇਤ ਮਿਲ ਗਿਆ। ਇਹੋ ਨਹੀਂ, ਗਵਾਂਢ ਦੇ ਤਿੰਨ ਦੇਸ਼ਾਂ ਵਿੱਚੋਂ ਇਨ੍ਹਾਂ ਹੀ ਛੇ ਧਰਮਾਂ ਦੇ ਹੋਰਨਾਂ ਲੋਕਾਂ ਨੂੰ ਵੀ ਭਾਰਤ ਵੱਲ ਧਾਈ ਕਰਨ ਦਾ ਸੱਦਾ ਦੇ ਦਿੱਤਾ ਗਿਆ, ਪਰ ਉਨ੍ਹਾਂ ਵਾਂਗ ਇਨ੍ਹਾਂ ਤਿੰਨ ਦੇਸ਼ਾਂ ਵਿਚਲੇ ਕਾਦੀਆਨੀ, ਹਜ਼ਾਰਾ ਆਦਿ ਕਬੀਲਿਆਂ ਦੇ ਲੋਕਾਂ ਨੂੰ ਮੁਸਲਿਮ ਹੋਣ ਕਾਰਨ ਇਸ ਤੋਂ ਬਾਹਰ ਰਹਿਣ ਦਿੱਤਾ, ਜਦ ਕਿ ਉਨ੍ਹਾਂ ਨੂੰ ਆਪਣੇ ਦੇਸ਼ ਵਿੱਚ ਮੁਸਲਿਮ ਨਹੀਂ ਮੰਨਿਆ ਜਾਂਦਾ ਤੇ ਧਾਰਮਿਕ ਵਿਤਕਰੇ ਦਾ ਸ਼ਿਕਾਰ ਹਨ। ਵਿਤਕਰਾ ਹੋਣ ਦੀ ਇਸ ਸਾਫ ਮਿਸਾਲ ਦੇ ਖਿਲਾਫ ਜਦੋਂ ਭਾਰਤ ਦੇ ਬਹੁ-ਗਿਣਤੀ ਰਾਜਾਂ ਵਿੱਚ ਵਿਰੋਧ ਦੀ ਹਨੇਰੀ ਉੱਠ ਪਈ ਅਤੇ ਹਰ ਪਾਸਿਓਂ ਇਸ ਫੈਸਲੇ ਬਾਰੇ ਮੁੜ ਵਿਚਾਰ ਦੀ ਮੰਗ ਉੱਠਣ ਲੱਗੀ ਤਾਂ ਨਰਿੰਦਰ ਮੋਦੀ ਸਰਕਾਰ ਨੇ ਚੁੱਪ-ਚੁੱਪੀਤੇ ਅਗਲਾ ਕਦਮ ਚੁੱਕਣ ਵਾਸਤੇ ਸ੍ਰੀਗਣੇਸ਼ ਕਰ ਦਿੱਤਾ ਹੈ। ਇਹ ਅਗਲਾ ਕਦਮ 'ਐੱਨ ਪੀ ਆਰ' ਹੋਵੇਗਾ।

ਪਿਛਲੇ ਦਿਨੀਂ ਇਹ ਗੱਲ ਕਈ ਰਾਜਾਂ ਦੀਆਂ ਸਰਕਾਰਾਂ ਨੂੰ ਪਹਿਲਾਂ ਆਮ ਜਿਹੀ ਨਜ਼ਰ ਆਈ ਕਿ ਹਰ ਦਸ ਸਾਲਾਂ ਪਿੱਛੋਂ ਹੋਣ ਵਾਲੀ ਮਰਦਮ-ਸ਼ੁਮਾਰੀ ਮੌਕੇ ਆਬਾਦੀ ਦੀ ਗਿਣਤੀ ਹੀ ਹੋਣੀ ਹੈ, ਪਰ ਅਚਾਨਕ ਇਸ ਵਿੱਚ ਇਕੱਠੇ ਕੀਤੇ ਜਾ ਰਹੇ ਵੇਰਵਿਆਂ ਦਾ ਪਤਾ ਲੱਗਾ ਤਾਂ ਕਈ ਰਾਜ ਸਰਕਾਰਾਂ ਭੜਕ ਪਈਆਂ। ਐੱਨ ਪੀ ਆਰ ਵਾਲੇ ਨੈਸ਼ਨਲ ਰਜਿਸਟਰ ਆਫ ਪਾਪੂਲੇਸ਼ਨ ਦੇ ਰਾਹੀਂ ਭਾਰਤ ਦੇ ਹਰ ਵਸਨੀਕ ਦਾ ਡਾਟਾ-ਬੇਸ ਹੀ ਨਹੀਂ, ਬਾਇਓਮੀਟਰਿਕ ਡਾਟਾ ਇੱਕੋ ਥਾਂ ਇਕੱਠਾ ਕਰ ਲੈਣ ਦਾ ਉਹ ਕੰਮ ਸ਼ੁਰੂ ਕੀਤਾ ਗਿਆ ਹੈ, ਜਿਸ ਨੂੰ ਵਿਅਕਤੀ ਦੀ ਨਿੱਜਤਾ, ਪ੍ਰਾਈਵੇਸੀ, ਦੇ ਨਾਂਅ ਉੱਤੇ ਸੁਪਰੀਮ ਕੋਰਟ ਵਿੱਚ ਵਿਚਾਰ ਦਾ ਮੁੱਦਾ ਬਣਦਾ ਵੇਖਿਆ ਜਾ ਚੁੱਕਾ ਹੈ। ਸੁਪਰੀਮ ਕੋਰਟ ਵਿੱਚ ਇਸ ਗੱਲ ਉੱਤੇ ਬਹੁਤ ਲੰਮੀ ਸੁਣਵਾਈ ਦਾ ਮੁੱਦਾ ਇਹੋ ਸੀ ਕਿ ਆਧਾਰ ਕਾਰਡ ਨਾਲ ਹਰ ਨਾਗਰਿਕ ਦਾ ਬਾਇਓ-ਮੀਟਰਿਕ ਤੇ ਹੋਰ ਸਾਰਾ ਡਾਟਾ ਲੈਣ ਦੀ ਆਗਿਆ ਦੇਣੀ ਚਾਹੀਦੀ ਹੈ ਕਿ ਨਹੀਂ, ਤੇ ਓਦੋਂ ਸੁਪਰੀਮ ਕੋਰਟ ਦੇ ਇੱਕ ਜੱਜ ਸਾਹਿਬ ਨੇ ਖੁੱਲ੍ਹ ਕੇ ਇਹ ਕਿਹਾ ਸੀ ਕਿ ਉਹ ਖੁਦ ਵੀ ਆਪਣਾ ਇਸ ਤਰ੍ਹਾਂ ਦਾ ਡਾਟਾ ਦੇਣ ਨੂੰ ਸਹਿਮਤ ਨਹੀਂ ਹੋ ਸਕਦੇ। ਨਵੇਂ ਐੱਨ ਪੀ ਆਰ ਦੇ ਰਾਹੀਂ ਭਾਰਤ ਦੀ ਮੌਜੂਦਾ ਸਰਕਾਰ ਚੁੱਪ-ਚੁਪੀਤੇ ਉਹ ਕੰਮ ਵੀ ਕਰਨ ਲੱਗੀ ਹੈ, ਜਿਹੜਾ ਕਰਨ ਦਾ ਸੁਪਰੀਮ ਕੋਰਟ ਦੇ ਅਗਸਤ 2017 ਦੇ ਫੈਸਲੇ ਪਿੱਛੋਂ ਕੋਈ ਰਾਹ ਨਹੀਂ ਸੀ ਰਿਹਾ, ਕਿਉਂਕਿ ਕੋਰਟ ਨੇ ਪ੍ਰਾਈਵੇਸੀ, ਨਿੱਜਤਾ, ਨੂੰ ਹਰ ਕਿਸੇ ਨਾਗਰਿਕ ਲਈ ਉਹ ਮੁੱਢਲਾ ਅਧਿਕਾਰ ਮੰਨ ਲਿਆ ਸੀ, ਜਿਸ ਦੀ ਕੋਈ ਸਰਕਾਰ ਉਲੰਘਣਾ ਨਹੀਂ ਕਰ ਸਕਦੀ। ਪਹਿਲਾਂ ਐੱਨ ਆਰ ਸੀ ਅਤੇ ਇਸ ਦੇ ਬਾਅਦ ਸਿਟੀਜ਼ਨਜ਼ ਸੋਧ ਕਾਨੂੰਨ ਤੋਂ ਪਿੱਛੋਂ ਇਸੇ ਲਗਾਤਾਰਤਾ ਵਿੱਚ ਭਾਰਤ ਸਰਕਾਰ ਨੇ ਜਨਗਣਨਾ ਦੀਆਂ ਟੀਮਾਂ ਰਾਹੀਂ ਐੱਨ ਪੀ ਆਰ ਦਾ ਸਰਵੇਖਣ ਕਰਾਉਣ ਦਾ ਨਵਾਂ ਰਾਹ ਵਰਤਿਆ ਹੈ। ਕੇਰਲਾ ਦੀ ਸਰਕਾਰ ਨੇ ਇਸ ਕਾਰਵਾਈ ਦੇ ਵਿਰੁੱਧ ਬਾਕਾਇਦਾ ਆਪਣੇ ਸਾਰੇ ਵਿਭਾਗਾਂ, ਸਾਰੇ ਜ਼ਿਲਿਆਂ ਦੇ ਕੁਲੈਕਟਰਜ਼ ਤੇ ਜਨਗਣਨਾ ਵਿਭਾਗ ਦੇ ਡਾਇਰੈਕਟਰ ਨੂੰ ਲਿਖਤੀ ਹੁਕਮ ਜਾਰੀ ਕਰ ਕੇ ਕਹਿ ਦਿੱਤਾ ਹੈ ਕਿ ਇਹ ਕਾਰਵਾਈ ਬੰਦ ਕਰ ਦਿੱਤੀ ਜਾਵੇ।

ਬਿਨਾਂ ਸ਼ੱਕ ਮੁੱਢਲੇ ਰੂਪ ਵਿੱਚ ਇਹ ਕਿਹਾ ਜਾਵੇਗਾ ਕਿ ਜਿਨ੍ਹਾਂ ਰਾਜਾਂ ਵਿੱਚ ਭਾਜਪਾ ਵਿਰੋਧੀ ਸਰਕਾਰਾਂ ਹਨ ਤੇ ਉਹ ਇਸ ਕੰਮ ਨਾਲ ਸਹਿਮਤ ਨਹੀਂ, ਓਥੇ ਇਹ ਸਭ ਕੁਝ ਨਹੀਂ ਹੋ ਸਕੇਗਾ, ਪਰ ਏਦਾਂ ਕਰਨਾ ਸੌਖਾ ਨਹੀਂ। ਸਾਡੇ ਲੋਕ ਇਹ ਗੱਲ ਜਾਣਦੇ ਹਨ ਕਿ ਧਾਰਾ ਤਿੰਨ ਸੌ ਛਪੰਜਾ ਰਾਹੀਂ ਕਿਸੇ ਵੀ ਰਾਜ ਦੀ ਸਰਕਾਰ ਨੂੰ ਅਮਨ-ਕਾਨੂੰਨ ਦੀ ਮਾੜੀ ਸਥਿਤੀ ਦੇ ਜ਼ਿਕਰ ਵਾਲੀ ਗਵਰਨਰ ਦੀ ਰਿਪੋਰਟ, ਜਿਹੜੀ ਕੇਂਦਰ ਦੇ ਥਾਪੇ ਗਵਰਨਰ ਨੇ ਦੇ ਦੇਣੀ ਹੁੰਦੀ ਹੈ, ਪ੍ਰਵਾਨ ਕਰ ਕੇ ਤੋੜਿਆ ਜਾ ਸਕਦਾ ਹੈ, ਪਰ ਇਸ ਵੇਲੇ ਇੱਕ ਹੋਰ ਗੱਲ ਚਰਚਾ ਵਿੱਚ ਹੈ। ਸੰਵਿਧਾਨ ਦੀ ਧਾਰਾ ਤਿੰਨ ਸੌ ਪੈਂਹਠ ਵੀ ਹੈ, ਜਿਸ ਵਿੱਚ ਅਮਨ-ਕਾਨੂੰਨ ਦੀ ਸਥਿਤੀ ਦੇ ਥਾਂ ਕਿਸੇ ਰਾਜ ਦੀ ਇਸ ਗੱਲ ਨੂੰ ਆਧਾਰ ਮੰਨ ਕੇ ਇਹੋ ਕੁਝ ਕੀਤਾ ਸਕਦਾ ਹੈ ਕਿ ਉਸ ਨੇ ਕੇਂਦਰ ਸਰਕਾਰ ਵੱਲੋਂ ਕੀਤੇ ਫੈਸਲੇ ਲਾਗੂ ਕਰਨ ਤੋਂ ਨਾਂਹ ਕੀਤੀ ਹੈ। ਇਸ ਵਿੱਚ ਦਰਜ ਹੈ ਕਿ 'ਜਿੱਥੇ ਇਸ ਸੰਵਿਧਾਨ ਦੀ ਕਿਸੇ ਵਿਵਸਥਾ ਅਧੀਨ ਕੇਂਦਰ ਦੀ ਕਾਰਜ ਪਾਲਿਕਾ ਦੀ ਤਾਕਤ ਦੀ ਵਰਤੋਂ ਕਰਦੇ ਹੋਏ ਦਿੱਤੇ ਗਏ ਕਿਸੇ ਨਿਰਦੇਸ਼ਾਂ ਦੀ ਪਾਲਣਾ ਕਰਨ ਜਾਂ ਉਨ੍ਹਾਂ ਨੂੰ ਲਾਗੂ ਕਰਨੋਂ ਕੋਈ ਰਾਜ ਅਸਫਲ ਰਹਿੰਦਾ ਹੈ, ਓਥੇ ਰਾਸ਼ਟਰਪਤੀ ਲਈ ਇਹ ਮੰਨਣਾ ਕਾਨੂੰਨੀ ਹੋਵੇਗਾ ਕਿ ਏਦਾਂ ਦੀ ਸਥਿਤੀ ਪੈਦਾ ਹੋ ਗਈ ਹੈ ਕਿ ਉਸ ਰਾਜ ਦਾ ਸ਼ਾਸਨ ਸੰਵਿਧਾਨ ਦੀਆਂ ਵਿਵਸਥਾਵਾਂ 'ਮੁਤਾਬਕ ਨਹੀਂ ਚਲਾਇਆ ਜਾ ਰਿਹਾ।' ਜਦੋਂ ਇਹ ਗੱਲ ਮੰਨ ਲਈ ਜਾਵੇ ਕਿ ਕਿਸੇ ਰਾਜ ਦਾ ਪ੍ਰਬੰਧ ਓਥੇ ਸੰਵਿਧਾਨ ਮੁਤਾਬਕ ਨਹੀਂ ਚਲਾਇਆ ਜਾ ਰਿਹਾ, ਫਿਰ ਉਸ ਰਾਜ ਵਿੱਚ ਸਰਕਾਰ ਨੂੰ ਤੋੜਨਾ ਜਾਂ ਕੇਂਦਰ ਦੇ ਕੀਤੇ ਫੈਸਲੇ ਲਾਗੂ ਕਰਨ ਲਈ ਮਜਬੂਰ ਕਰਨਾ ਕੇਂਦਰ ਸਰਕਾਰ ਦੇ ਲਈ ਕੋਈ ਔਖਾ ਕੰਮ ਨਹੀਂ ਰਹਿੰਦਾ। ਇਸ ਵਕਤ ਕੇਰਲਾ ਦੇ ਨਾਲ ਪੱਛਮੀ ਬੰਗਾਲ ਦੀ ਬੀਬੀ ਮਮਤਾ ਬੈਨਰਜੀ ਵੀ ਇਨਕਾਰ ਕਰ ਰਹੀ ਹੈ, ਪਰ ਬਾਕੀ ਰਾਜ ਇਸ ਗੱਲੋਂ ਤ੍ਰਹਿਕੇ ਪਏ ਹਨ।

ਸਾਨੂੰ ਇਸ ਗੱਲ ਬਾਰੇ ਜਾਣ ਕੇ ਹੈਰਾਨੀ ਹੋਈ ਹੈ ਕਿ ਦੋ ਹਿੱਟ, ਪਹਿਲਾਂ ਐੱਨ ਆਰ ਸੀ, ਫਿਰ ਨਾਗਰਿਕਤਾ ਸੋਧਣ ਦੇ ਬਾਅਦ ਚੁੱਪ-ਚੁਪੀਤੇ ਐੱਨ ਪੀ ਆਰ ਦੀ ਸਰਗਰਮੀ ਦੌਰਾਨ ਇਹ ਗੱਲ ਚਰਚਾ ਵਿੱਚ ਹੈ ਕਿ ਸੰਵਿਧਾਨ ਦੀ ਧਾਰਾ ਤਿੰਨ ਸੌ ਪੈਂਹਠ ਦੇ ਰਾਹੀਂ ਕੇਂਦਰ ਸਰਕਾਰ ਕੋਲ ਇੱਕ ਹੋਰ ਡੰਡਾ ਵੀ ਮੌਜੂਦ ਹੈ। ਇਹ ਧਾਰਾ ਅੱਗੇ ਕਦੇ ਚਰਚਾ ਵਿੱਚ ਨਹੀਂ ਸੀ ਆਈ, ਇਸ ਵਾਰੀ ਜਦੋਂ ਇਹ ਅਚਾਨਕ ਚਰਚਾ ਵਿੱਚ ਆਈ ਹੈ ਤਾਂ ਵੱਡੇ ਤੌਖਲੇ ਵੀ ਨਾਲ ਲਿਆਈ ਹੈ।

ਪੰਜਾਬੀ ਪੋਸਟ

Punjabipost.ca
905-793-2202
27 Armthorpe Rd #3,
Brampton, L6T 5M4

Founder Editor: Jagdish Singh Grewal
Managing Director: Parminder Kaur Grewal
Contributing Editors: Karam Singh Punia; Gyan Singh; Angrej Singh
Office Admin: Priya Dhillon
Graphic Designer: Priya Dhillon
Photographer: Kanwaljit Singh Kanwal
Distributer: Aman Warraich

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

















GUNTAAS RADIO AM 530
Monday to Friday 10am to 11am
Jaswinder Kaur Taggar
jaswindertaggar3@yahoo.ca
647-765-2340 ● For Marketing 647-656-6648

# ਰਾਜਸੀ ਨੇਤਾਵਾਂ ਵਿੱਚ ਬੁਲਾਰੇ ਬਣਨ ਦੀ ਹੋੜ?



ਜਸਵੰਤ ਸਿੰਘ 'ਅਜੀਤ'

ਅਜਕਲ ਰਾਜਸੀ ਨੇਤਾਵਾਂ, ਭਾਵੇਂ ਉਹ ਭਾਜਪਾ ਦੇ ਹਨ ਜਾਂ ਕਾਂਗ੍ਰਸ ਦੇ ਜਾਂ ਫਿਰ ਕਿਸੇ ਹੋਰ ਰਾਜਸੀ ਪਾਰਟੀ ਦੇ, ਵਿੱਚ ਇੱਕ ਦਿਲਚਸਪ ਹੋੜ ਲਗੀ ਹੋਈ ਨਜ਼ਰ ਆ ਰਹੀ ਹੈ। ਦਸਿਆ ਜਾ ਰਿਹਾ ਹੈ ਕਿ ਬਹੁਤੇ ਨੇਤਾ ਪਾਰਟੀ ਵਿੱਚ ਕਿਸੇ ਅਹੁਦੇ ਦੀਆਂ ਜ਼ਿਮੇਂਦਾਰੀਆਂ ਸੰਭਾਲਣ ਨਾਲੋਂ ਪਾਰਟੀ ਦਾ ਬੁਲਾਰਾ ਬਣਨ ਨੂੰ ਤਰਜੀਹ ਦੇ ਰਹੇ ਹਨ। ਇਸਦਾ ਕਾਰਣ ਇਹ ਮੰਨਿਆ ਜਾਂਦਾ ਹੈ ਕਿ ਜਿਉਂ-ਜਿਉਂ ਟੀਵੀ ਚੈਨਲਾਂ ਦੀ ਗਿਣਤੀ ਵੱਧਦੀ ਜਾ ਰਹੀ ਹੈ ਅਤੇ ਉਨ੍ਹਾਂ ਪੁਰ ਰਾਜਸੀ ਮੁੱਦਿਆਂ ਪੁਰ ਬਹਿਸ ਦਾ ਸਮਾਂ ਵੱਧ ਰਿਹਾ ਹੈ, ਤਿਉਂ-ਤਿਉਂ ਕਾਂਗ੍ਰਸ ਅਤੇ ਭਾਜਪਾ ਵਰਗੀਆਂ ਵੱਡੀਆਂ ਪਾਰਟੀਆਂ ਵਿੱਚ ਵੀ 'ਬੁਲ-ਾਰਾ' ਬਣਨ ਦੀ ਹੋੜ ਵਿੱਚ ਵਾਧਾ ਹੁੰਦਾ ਜਾ ਰਿਹਾ ਹੈ। ਇਨ੍ਹਾਂ ਪਾਰਟੀਆਂ ਦੇ ਲੀਡਰ ਜਨਰਲ ਸਕੱਤਰ ਅਤੇ ਸਕੱਤਰ ਜਿਹੇ ਮਹੱਤਤਾ-ਪੂਰਣ ਅਹੁਦਿਆਂ ਦੀਆਂ ਜ਼ਿਮੇਂਦਾਰੀ ਸੰਭਾਲਣ ਨਾਲੋਂ 'ਬੁਲਾਰਾ' ਬਣਨ ਵਿੱਚ ਬਹੁਤੀ ਦਿਲਚਸਪੀ ਵਿੱਖਾ ਰਹੇ ਹਨ। ਕਿਉਂਕਿ ਉਹ ਸਵੀਕਾਰਦੇ ਹਨ ਕਿ ਪਾਰਟੀ ਦਾ ਬੁਲਾਰਾ ਬਣਨ ਨਾਲ ਪਾਰਟੀ ਪ੍ਰਤੀ ਜ਼ਿਮੇਂਦਾਰੀਆਂ ਘਟ ਜਾਂਦੀਆਂ ਹਨ 'ਤੇ ਟੀਵੀ ਚੈਨਲਾਂ ਪੁਰ ਚਮਕਦਿਆਂ ਰਹਿਣ ਦੇ ਮੌਕੇ ਵੱਧ ਜਾਂਦੇ ਹਨ। ਦਸਿਆ ਗਿਐ ਕਿ ਭਾਜਪਾ ਦੇ ਕੌਮੀ ਪ੍ਰਧਾਨ ਅਮਿਤਸ਼ਾਹ ਜਦੋਂ ਆਪਣੀ ਨਵੀਂ ਟੀਮ ਬਣਾਉਣ ਲਈ ਗੋਟੀਆਂ ਬਿਠਾ ਰਹੇ ਸਨ। ਉਸ ਦੌਰਾਨ ਉਨ੍ਹਾਂ ਨੇ ਪਾਰਟੀ ਦੇ ਕੁਝ ਬੁਲਾਰਿਆਂ ਨੂੰ ਪਾਰਟੀ ਵਿੱਚ ਜ਼ਿਮੇਂਦਾਰੀ ਸੌਂਪਣ ਦੀ ਗਲ ਕੀਤੀ ਤਾਂ ਉਨ੍ਹਾਂ ਨੇ 'ਬੁਲਾਰਾ' ਬਣਿਆ ਰਹਿਣ ਵਿੱਚ ਹੀ ਆਪਣੀ ਦਿਲਚਸਪੀ ਪ੍ਰਗਟ ਕੀਤੀ। ਮਿਲੀ ਜਾਣਕਾਰੀ ਅਨੁਸਾਰ ਅਮਿਤਸ਼ਾਹ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਉਸ ਸਮੇਂ ਬਹੁਤ ਹੈਰਾਨੀ ਹੋਈ, ਜਦੋਂ ਉਨ੍ਹਾਂ ਨੂੰ ਇਹ ਪਤਾ ਲਗਾ ਕਿ ਪੂਰਬ ਦੇ ਇੱਕ ਰਾਜ ਤੋਂ ਆਏ ਬੁਲਾਰੇ ਦਾ ਚਿਹਰਾ, ਉਸੇ ਰਾਜ ਤੋਂ ਆਏ ਇੱਕ ਕੇਂਦਰੀ ਮੰਤਰੀ ਨਾਲੋਂ ਕਿਤੇ ਬਹੁਤ ਹੀ ਵੱਧ ਜਾਣਿਆ-ਪਛਾਣਿਆ ਅਤੇ ਲੋਕਪ੍ਰਿਯ ਹੈ। ਇਸਦਾ ਕਾਰਣ ਇਹ ਸੀ ਕਿ ਕੇਂਦਰੀ ਮੰਤਰੀ ਤਾਂ ਆਪਣੀਆਂ ਜ਼ਿਮੇਂਦਾਰੀਆਂ ਦੇ ਮੱਦੇ-ਨਜ਼ਰ ਦੇਸ਼ ਭਰ ਵਿੱਚ ਘੁੰਮਦੇ ਰਹਿੰਦੇ ਸਨ। ਉਨ੍ਹਾਂ ਦੇ ਰਾਜ ਦੇ ਲੋਕੀ ਉਨ੍ਹਾਂ ਨੂੰ ਤਾਂ ਹੀ ਵੇਖ ਪਾਂਦੇ, ਜਦੋਂ ਉਨ੍ਹਾਂ ਦੇ ਰਾਜ ਨਾਲ ਜੁੜਿਆ ਕੋਈ ਮਾਮਲਾ ਹੁੰਦਾ। ਇਸਦੇ ਵਿਰੁਧ ਬੁਲਾਰਾ ਦਿਨ-ਭਰ ਕਿਸੇ ਨਾ ਕਿਸੇ ਚੈਨਲ ਪੁਰ ਬੈਠਾ ਨਜ਼ਰ ਆਉਂਦਾ ਰਹਿੰਦਾ।

ਕਾਨੂੰਨ ਦੀ ਦੁਰਵਰਤੋਂ : ਕੁਝ ਹੀ ਸਮਾਂ ਹੋਇਆ ਹੈ ਕਿ ਹਾਈਕੋਰਟ ਦੇ ਜਸਟਿਸ ਪ੍ਰਦੀਪ ਨੰਦਰਾਜੋਗ ਅਤੇ ਜਸਟਿਸ ਪ੍ਰਤਿਭਾ ਰਾਨੀ ਅਧਾਰਤ ਦੋ-ਮੈਂਬਰੀ ਬੈਂਚ ਨੇ ਤਲਾਕ ਦੇ ਇੱਕ ਮਾਮਲੇ ਦੀ ਸੁਣਵਾਈ ਪੂਰੀ ਕਰ, ਆਪਣੇ ਫੈਸਲੇ ਵਿੱਚ ਕਿਹਾ ਸੀ ਕਿ ਅਪੀਲਕਰਤਾ ਮਹਿਲਾ ਨੇ ਆਪਣੀ ਕੁਆਰੀ ਨਨਾਣ ਅਤੇ ਸਹੁਰੇ ਪਰਿਵਾਰ ਦੇ ਦੂਸਰੇ ਮੈਂਬਰਾਂ ਨੂੰ ਨਾ ਕੇਵਲ ਅਪਮਾਨਤ ਹੀ ਕੀਤਾ, ਸਗੋਂ ਉਨ੍ਹਾਂ ਨੂੰ ਝੂਠੇ ਮਾਮਲੇ ਵਿੱਚ ਫਸਾਣ ਲਈ ਖ਼ੁਦਕਸ਼ੀ ਕਰਨ ਦੀ ਕੌਸ਼ਿਸ਼ ਵੀ ਕੀਤੀ। ਦਾਜ ਉਤਪੀੜਨ ਦੇ ਝੂਠੇ ਮਾਮਲੇ ਕਾਰਣ ਉਸਦੇ ਪਤੀ ਅਤੇ ਸਹੁਰੇ ਨੂੰ ਨਾ ਕੇਵਲ ਜੇਲ੍ਹ ਹੀ ਜਾਣਾ ਪਿਆ, ਸਗੋਂ ਇਸ ਕਾਰਣ ਸਹੁਰੇ ਨੂੰ ਨੌਕਰੀ ਤੋਂ ਵੀ ਮੁਅੱਤਲ ਕਰ ਦਿੱਤਾ ਗਿਆ। ਅਦਾਲਤ ਨੇ ਕਿਹਾ ਕਿ ਅਜਿਹੀ ਹਾਲਤ ਵਿੱਚ ਮਹਿਲਾ ਦਾ ਵਿਹਾਰ ਪਤੀ ਤੇ ਉਸਦੇ ਪਰਿਵਾਰ ਦਾ ਮਾਨਸਿਕ ਉਤਪੀੜਨ ਕਰਨ ਵਰਗਾ ਹੈ। ਇਸਦੇ ਨਾਲ ਹੀ, ਹਾਈਕੋਰਟ ਨੇ ਪਰਿਵਾਰਕ ਅਦਾਲਤ ਦੇ ਉਸ ਫੈਸਲੇ ਨੂੰ ਰੱਦ ਕਰ ਦਿੱਤਾ, ਜਿਸ ਵਿੱਚ ਇਨ੍ਹਾਂ ਹੀ ਅਧਾਰਾਂ 'ਤੇ ਪਤੀ ਨੂੰ ਤਲਾਕ ਲੈਣ ਦੀ ਮੰਨਜ਼ੂਰੀ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਬੈਂਚ ਨੇ ਪਤੀ ਦੇ ਹੱਕ ਵਿੱਚ ਫੈਸਲਾ ਦਿੰਦਿਆਂ ਕਿਹਾ ਕਿ ਹੇਠਲੀ ਅਦਾਲਤ ਵਿੱਚ ਜੱਜ ਤੱਥਾਂ ਨੂੰ ਸਮਝਣ ਵਿੱਚ ਅਸਫਲ ਰਹੇ। ਜਿਸ ਕਾਰਣ ਉਨ੍ਹਾਂ ਤਲਾਕ ਦੀ ਮੰਨਜ਼ੂਰੀ ਨਹੀਂ ਦਿੱਤੀ। ਬੈਂਚ ਨੇ ਆਪਣੇ ਫੈਸਲੇ ਵਿੱਚ ਇਹ ਵੀ ਕਿਹਾ ਕਿ ਪਰਿਵਾਰਕ ਅਦਾਲਤ ਦੇ ਜੱਜ ਇਸ ਗਲ ਨੂੰ ਸਮਝਣ ਵਿੱਚ ਅਸਫਲ ਰਹੇ ਕਿ ਵਿਆਹਿਤ ਵਿਵਾਦ ਵਿੱਚ ਸੰਭਾਵਨਾਵਾਂ ਦੀ ਬਹੁਤਾਤ ਹੁੰਦੀ ਹੈ ਨਾ ਕਿ ਕਿਸੇ ਅਪਰਾਧਕ ਮਾਮਲਿਆਂ ਵਾਂਗ ਅਪੀਲਕਰਤਾ ਨੂੰ ਠੋਸ ਗੁਆਹੀਆਂ ਰਾਹੀਂ ਸਾਬਤ ਕਰਨਾ ਹੁੰਦਾ ਹੈ। ਹਾਈਕੋਰਟ ਨੇ ਪਤੀ ਦੀ ਅਪੀਲ ਨੂੰ ਸਵੀਕਾਰ ਕਰਦਿਆਂ ਸ਼ਾਦੀ ਦੇ 16 ਵਰ੍ਹਿਆਂ ਬਾਅਦ ਦੰਪਤੀ ਦੇ ਤਲਾਕ ਨੂੰ ਮੰਨਜ਼ੂਰੀ ਦੇ ਦਿੱਤੀ।

ਘਟ ਰਹੇ ਰੁਜਗਾਰ ਦੇ ਮੌਕੇ: ਬੀਤੇ ਕੁਝ ਸਮੇਂ ਤੋਂ ਅਜਿਹੀਆਂ ਰਿਪੋਰਟਾਂ ਆਉਣੀਆਂ ਲਗ ਪਈਆਂ ਹਨ, ਜੋ ਇਸ ਗਲ ਵੱਲ ਇਸ਼ਾਰਾ ਕਰਦੀਆਂ ਹਨ ਕਿ ਦੇਸ਼ ਵਿੱਚ ਲਗਾਤਾਰ ਰੁਜ਼ਗਾਰ ਦੇ ਮੌਕੇ ਵੀ ਘਟਦੇ ਚਲੇ ਜਾ ਰਹੇ ਹਨ। ਇਨ੍ਹਾਂ ਰਿਪੋਰਟਾਂ ਅਨੁਸਾਰ ਦੇਸ਼ ਵਿੱਚ ਗ੍ਰੈਜੁਏਟਾਂ ਲਈ ਨੌਕਰੀਆਂ ਘਟ ਰਹੀਆਂ ਹਨ, ਜਿਸਦੇ ਫਲਸਰੂਪ ਉਨ੍ਹਾਂ ਲਈ ਰੋਜ਼ੀ-ਰੋਟੀ ਦਾ ਪ੍ਰਬੰਧ ਕਰਨ ਤਕ ਦੇ ਵੀ ਲਾਲੇ ਪੈਣ ਲਗੇ ਹਨ। ਦਸਿਆ ਗਿਆ ਹੈ ਕਿ ਕੁਝ ਹੀ ਸਮਾਂ ਪਹਿਲਾਂ ਦਖਣੀ ਅਫਰੀਕਾ ਦੀ ਇੱਕ ਖੋਜ ਸੰਸਥਾ ਵਲੋਂ ਜਾਰੀ ਕੀਤੀ ਗਈ ਇੱਕ ਰਿਪੋਰਟ ਸਾਹਮਣੇ ਆਈ ਹੈ, ਜਿਸ ਵਿੱਚ ਖੁਲਾਸਾ ਕੀਤਾ ਗਿਆ ਹੈ ਕਿ ਉਸ ਵਲੋਂ ਕੀਤੇ ਗਏ ਇੱਕ ਸਰਵੇ ਅਨੁਸਾਰ ਬੀਤੇ ਕੁਝ ਵਰ੍ਹਿਆਂ ਤੋਂ ਭਾਰਤ ਵਿੱਚ ਹਰ ਰੋਜ਼ ਲਗਾਤਾਰ 550 ਤੋਂ ਕਿਤੇ ਵਧ ਨੌਕਰੀਆਂ ਖਤਮ ਹੁੰਦੀਆਂ ਜਾ ਰਹੀਆਂ ਹਨ।

ਇਸ ਰਿਪੋਰਟ ਨੂੰ ਪੜ੍ਹਨ-ਸੁਣਨ ਤੋਂ ਬਾਅਦ ਸੁਆਲ ਉਠਦਾ ਹੈ ਕਿ ਇੱਕ ਅਜਿਹੇ ਦੇਸ਼, ਜਿਸ ਵਿੱਚ ਸਰਕਾਰੀ ਅੰਕੜਿਆਂ ਅਨੁਸਾਰ, ਲਗਭਗ ਪੌਣੇ ਚਾਰ ਕਰੋੜ ਬੇ-ਰੁਜ਼ਗਾਰ ਪਹਿਲਾਂ ਤੋਂ ਹੀ ਮੌਜੂਦ ਹੋਣ, ਵਿੱਚ ਹਰ ਰੋਜ਼ ਸੈਂਕੜੇ ਹੋਰ ਵਿਅਕਤੀਆਂ ਦੀਆਂ ਨੌਕਰੀਆਂ ਖਤਮ ਹੁੰਦਿਆਂ ਜਾਣ ਦੇ ਨਾਲ ਲੋਕਾਂ ਵਿੱਚ ਦਹਿਸ਼ਤ ਪੈਦਾ ਨਹੀਂ ਹੋਵੇਗੀ ਤਾਂ ਕੀ ਹੋਵੇਗਾ? ਇਸੇ ਤਰ੍ਹਾਂ ਹੋਰ ਦਸਿਆ ਗਿਆ ਹੈ ਕਿ ਦਿੱਲੀ ਦੇ ਇੱਕ ਸਿਵਿਲ ਸੋਸਾਇਟੀ ਸੰਗਠਨ ਨੇ ਆਪਣੇ ਵਲੋਂ ਕੀਤੇ ਗਏ ਸਰਵੇ ਵਿੱਚ ਦਸਿਆ ਹੈ ਕਿ ਇਸ ਵਕਤ ਛੋਟੇ ਕਿਸਾਨਾਂ, ਪ੍ਰਚੂਨ ਦੁਕਾਨਦਾਰਾਂ, ਠੇਕੇ ਤੇ ਕੰਮ ਕਰ ਰਹੇ ਮਜ਼ਦੂਰਾਂ ਅਤੇ ਇਮਾਰਤੀ ਉਸਾਰੀ ਨਾਲ ਜੁੜੇ ਮਜ਼ਦੂਰਾਂ ਦੀ ਹਾਲਤ ਬਹੁਤ ਹੀ ਮਾੜੀ ਹੈ। ਇਹ ਸਾਰੇ ਹੀ ਹਰ ਬੀਤੇ ਦਿਨ ਦੇ ਨਾਲ ਲਗਾਤਾਰ ਘਟਦੀ ਜਾ ਰਹੀ ਕਮਾਈ ਨੂੰ ਲੈ ਕੇ ਬਹੁਤ ਹੀ ਜ਼ਿਆਦਾ ਪ੍ਰੇਸ਼ਾਨ ਤੇ ਚਿੰਤਤ ਹੋ ਰਹੇ ਹਨ।

ਇਸਦੇ ਵਿਰੁਧ ਦੇਸ਼ ਦੇ ਵਿੱਤ ਮੰਤਰੀ ਆਏ ਦਿਨ ਇਹ ਦਾਅਵਾ ਕਰਦੇ ਚਲੇ ਆ ਰਹੇ ਹਨ ਕਿ ਭਾਰਤ ਦੀ ਆਰਥਕ ਵਿਵਸਥਾ ਵਿਕਾਸ ਦਰ ਵਾਲੀ ਹੈ। ਉਨ੍ਹਾਂ ਦੇ ਇਸ ਦਾਅਵੇ ਤੋਂ ਸੁਆਲ ਉਠਦਾ ਹੈ ਕਿ ਆਖਰ ਵਿਕਾਸ ਦਰ ਦੀ ਇਹ ਕਿਹੋ ਜਿਹੀ ਪ੍ਰੀਭਾਸ਼ਾ ਹੈ, ਜਿਸ ਵਿੱਚ ਵਿਕਾਸ ਦੀ ਦਰ ਤਾਂ ਉੱਚੀ ਹੋ ਰਹੀ ਹੈ, ਪਰ ਨੌਕਰੀਆਂ ਘਟਦੀਆਂ ਜਾ ਰਹੀਆਂ ਹਨ, ਜਾਂ ਦੂਸਰੇ ਸ਼ਬਦਾਂ ਵਿੱਚ ਇਉਂ ਕਹਿ ਲਓ ਕਿ ਦੇਸ ਵਿੱਚ ਰੁਜ਼ਗਾਰ ਦੇ ਮੌਕੇ ਲਗਾਤਾਰ ਘਟਦੇ ਚਲੇ ਜਾ ਰਹੇ ਹਨ?

ਹੈਰਾਨੀ ਦੀ ਗਲ ਤਾਂ ਇਹ ਵੀ ਹੈ ਕਿ ਆਰਜ਼ੀ ਨੌਕਰੀਆਂ ਅਤੇ ਜ਼ੀਰੋ ਮਜ਼ਦੂਰੀ ਵਾਲੀਆਂ ਨੌਕਰੀਆਂ ਦੇ ਕਾਰਣ ਲੋਕਾਂ ਦੀ ਚਿੰਤਾ ਦਿਨ-ਬ-ਦਿਨ ਵਧਦੀ ਜਾ ਰਹੀ ਹੈ। ਜ਼ੀਰੋ ਮਜ਼ਦੂਰੀ ਵਾਲੀ ਨੌਕਰੀ ਉਸਨੂੰ ਕਿਹਾ ਜਾਂਦਾ ਹੈ, ਜਿਸ ਵਿੱਚ ਨੌਕਰੀ ਦਾ ਕਾਂਟ੍ਰੈਕਟ ਤਾਂ ਹੁੰਦਾ ਹੈ, ਪਰ ਕੰਮ ਮਿਲਣ ਦੀ ਗਰੰਟੀ ਨਹੀਂ ਹੁੰਦੀ। ਇਹ ਗਲ ਨੌਕਰੀ ਦੇਣ ਵਾਲੀ ਕੰਪਨੀ ਦੀ ਇੱਛਾ ਪੁਰ ਨਿਰਭਰ ਕਰਦੀ ਹੈ ਕਿ ਉਹ ਉਨ੍ਹਾਂ ਮਜ਼ਦੂਰਾਂ ਨੂੰ ਬੁਲਾਏ ਜਾਂ ਨਾਂਹ! ਇੱਕ ਤਰ੍ਹਾਂ ਨਾਲ ਇਸ ਵਿੱਚ ਪੂਰੀ ਤਰ੍ਹਾਂ ਦਿਹਾੜੀਦਾਰ ਮਜ਼ਦੂਰ ਵਰਗੀ ਹਾਲਤ ਹੁੰਦੀ ਹੈ। ਜਾਣਕਾਰ ਸੂਤਰਾਂ ਅਨੁਸਾਰ ਇਨ੍ਹਾਂ ਹਾਲਾਤ ਨੂੰ ਵੇਖਦਿਆਂ ਹੀ ਅੰਤਰ-ਰਾਸ਼ਟਰੀ ਸੰਗਠਨ (ਆਈਐਲਓ) ਨੇ ਕਿਹਾ ਹੈ ਕਿ ਅਜਿਹੇ ਵਾਤਾਵਰਣ ਵਿੱਚ ਨਾ ਕੇਵਲ ਘਟ ਮਜ਼ਦੂਰੀ ਤੇ ਜਾਂ ਮਜ਼ਦੂਰੀ ਦੇ ਬਿਨਾਂ ਗੁਜ਼ਾਰਾ ਕਰਨਾ ਪੈਂਦਾ ਹੈ, ਸਗੋਂ ਉਨ੍ਹਾਂ ਵਿੱਚ ਕੰਮ-ਕਾਜ ਦੀ ਅਸੁਰਖਿਆ ਵੀ ਵਧੇਰੇ ਹੁੰਦੀ ਹੈ, ਇਸਤੋਂ ਇਲਾਵਾ ਲੋਕਾਂ ਦੀ ਸਮਰਥਾ ਅਤੇ ਪ੍ਰਤਿਭਾ ਦੀ ਵੀ ਠੀਕ ਵਰਤੋਂ ਨਹੀਂ ਹੋ ਪਾਂਦੀ। ਆਰਜ਼ੀ ਨੌਕਰੀਆਂ ਅਤੇ ਜ਼ੀਰੋ ਕਾਂਟ੍ਰੈਕਟ ਦਾ ਪ੍ਰਭਾਵ ਔਰਤਾਂ, ਬਚਿਆਂ ਅਤੇ ਉਨ੍ਹਾਂ ਪ੍ਰਵਾਸੀਆਂ ਦੀ ਜ਼ਿੰਦਗੀ ਪੁਰ ਜ਼ਿਆਦਾ ਪੈਂਦਾ ਹੈ, ਜਿਨ੍ਹਾਂ ਨੂੰ ਕਿਸੇ ਤਰ੍ਹਾਂ ਦੀਆਂ ਮਜਬੂਰੀਆਂ ਕਾਰਣ ਆਪਣਾ ਘਰ, ਥਾਂ ਜਾਂ ਦੇਸ਼ ਛੱਡਣਾ ਪੈਂਦਾ ਹੈ।

...ਅਤੇ ਅੰਤ ਵਿੱਚ : ਇੱਕ ਪੱਤਰਕਾਰ ਨਾਲ ਹੋਈ ਮੁਲਾਕਾਤ ਦੌਰਾਨ ਕਾਂਗ੍ਰਸ ਦੇ ਸੀਨੀਅਰ ਆਗੂ ਜਯੋਤਿਰਮਯ ਸਿੰਧੀਆ ਨੇ ਕਿਹਾ ਹੈ ਕਿ ਕੇਵਲ ਸਿਖਿਆ ਉਪਲਬੱਧ ਕਰਵਾ ਦੇਣ ਜਾਂ ਲੈਪਟਾਪ ਦੇ ਦੇਣ ਨਾਲ ਹੀ ਕੰਮ ਨਹੀਂ ਚਲੇਗਾ। ਸਕਿਲ ਡਿਵੈਲਪਮੈਂਟ ਬਹੁਤ ਜ਼ਰੁਰੀ ਹੈ ਤਾਂ ਜੋ ਨੌਜਵਾਨਾਂ ਨੂੰ ਨੌਕਰੀਆਂ ਮਿਲ ਸਕਣ। ਅਜਿਹੀਆਂ ਡਿਗਰੀਆਂ ਕਿਸ ਕੰਮ ਦੀਆਂ, ਜੋ ਰੁਜ਼ਗਾਰ ਨਾ ਦੁਆ ਸਕਣ। ਉਨ੍ਹਾਂ ਕਿਹਾ ਕਿ ਇਸ ਪਾਸੇ ਬਹੁਤ ਧਿਆਨ ਦੇਣ ਦੀ ਲੋੜ ਹੈ ਕਿ ਸਾਡੀਆਂ ਪਾਲੀਟੈਕਨਿਕ ਸੰਸਥਾਵਾਂ ਕਿਤਨੀਆਂ ਉਪਯੋਗੀ ਸਾਬਤ ਹੋ ਪਾ ਰਹੀਆਂ ਹਨ? ਸਿਖਿਆ ਦਾ ਉਦਯੋਗਾਂ ਨਾਲ ਸੰਬੰਧ ਹੋਣਾ ਵੀ ਬਹੁਤ ਜ਼ਰੂਰੀ ਹੈ।

ਮੋਬਾ: 91 95 82 71 98 90

# ਗਰੀਬ-ਅਮੀਰ ਵਿਚਾਲੇ ਵਧਦੀ ਨਾਬਰਾਬਰੀ

-ਐੱਨ ਕੇ ਸਿੰਘ-

ਬੀਤੀ ਨੌਂ ਦਸੰਬਰ 2019 ਨੂੰ ਯੂ ਐੱਨ ਵਿਕਾਸ ਪ੍ਰੋਗਰਾਮ (ਯੂ ਐੱਨ ਡੀ ਪੀ) ਵੱਲੋਂ ਜਾਰੀ ਮਨੁੱਖੀ ਵਿਕਾਸ ਸੂਚਕ ਅੰਕ (ਐਚ ਡੀ ਆਈ) 2019 ਵਿੱਚ ਭਾਰਤ ਪਿਛਲੇ ਸਾਲ ਦੇ ਮੁਕਾਬਲੇ ਇੱਕ ਸਥਾਨ ਉਪਰ ਆ ਕੇ ਦੁਨੀਆ ਦੇ 176 ਦੇਸ਼ਾਂ ਵਿੱਚ 129ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਪਿਛਲੇ ਨੌਂ ਸਾਲਾਂ ਵਿੱਚ ਸਹਿਜੇ-ਸਹਿਜੇ ਕੁਝ ਉਪਰ ਆਇਆ ਹੈ, ਜਦ ਕਿ ਇਸ ਦੌਰਾਨ ਆਰਥਿਕ ਵਿਕਾਸ ਦੇ ਪੈਮਾਨੇ ਉਤੇ ਜੀ ਡੀ ਪੀ ਵਿੱਚ 14ਵੇਂ ਸਥਾਨ ਤੋਂ ਛਾਲ ਮਾਰ ਕੇ ਕੱਲ੍ਹ 6ਵੇਂ ਸਥਾਨ 'ਤੇ ਪਹੁੰਚ ਚੁੱਕਾ ਹੈ। (ਪਹਿਲੀ ਵਾਰ ਸਾਲ 2010 ਵਿੱਚ ਭਾਰਤ ਦੁਨੀਆ ਦੀਆਂ 10 ਵੱਡੀਆਂ ਜੀ ਡੀ ਪੀ ਵਾਲੀਆਂ ਅਰਥ ਵਿਵਸਥਾਵਾਂ ਦੇ ਕਲੱਬ 'ਚ ਸ਼ਾਮਲ ਹੋਇਆ ਸੀ) ਅਤੇ ਅੱਜ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਨੂੰ ਸਾਲ 2024 ਤੱਕ ਪੰਜ ਟ੍ਰਿਲੀਅਨ ਡਾਲਰ ਕਰਨ ਦੀ ਗੱਲ ਹਰ ਥਾਂ ਕਹਿੰਦੇ ਹਨ। ਇਸ ਤਾਜ਼ਾ ਸੂਚਕ ਅੰਕ ਦੀ ਖਾਸ ਗੱਲ ਇਹ ਹੈ ਕਿ ਇਸ ਨੇ ਪਹਿਲੀ ਵਾਰ ਗਰੀਬ ਅਮੀਰ ਦੀ ਵਧਦੀ ਨਾਬਰਾਬਰੀ ਤੇ ਉਸ ਤੋਂ ਪੈਦਾ ਹੋਈ ਥੁੜਾਂ ਦੀ ਸਥਿਤੀ ਨੂੰ ਵੀ ਦੇਸ਼ ਦੇ ਵਿਕਾਸ ਦੇ ਅੰਕੜੇ ਤਿਆਰ ਕਰਨ ਲਈ ਸ਼ਾਮਲ ਕੀਤਾ ਹੈ। ਵਿਕਾਸ ਦੇ ਇਤਿਹਾਸ ਵਿੱਚ ਇਸ ਰਿਪੋਰਟ ਨੂੰ ਦੁਨੀਆ ਵਿੱਚ ਨਵਾਂ ਚੈਪਟਰ ਕਿਹਾ ਜਾ ਰਿਹਾ ਹੈ, ਜਿਸ ਵਿੱਚ ਸੰਕੇਤ ਹੈ ਕਿ ਸਿਰਫ ਰੋਟੀ ਅਤੇ ਬੁਨਿਆਦੀ ਜ਼ਰੂਰਤਾਂ ਨੂੰ ਪੂਰਾ ਕਰਨਾ ਮਨੁੱਖੀ ਵਿਕਾਸ ਦਾ ਅੰਤਿਮ ਪੜਾਅ ਨਹੀਂ, ਕਿਉਂਕਿ ਇਹ ਵਿਅਕਤੀ ਆਪਣੀ ਸਮਰੱਥਾ ਮੁਤਾਬਕ ਮੌਕੇ ਨਹੀਂ ਦਿੰਦਾ।

366 ਸਫਿਆਂ ਦੀ ਰਿਪੋਰਟ ਦੀ ਪ੍ਰਸਤਾਵਨਾ ਵਿੱਚ ਮਨੁੱਖੀ ਵਿਕਾਸ ਨੂੰ ਸਿਰਫ ਪ੍ਰਤੀ ਵਿਅਕਤੀ ਆਮਦਨ ਦੇ ਪੈਰਾਮੀਟਰ ਤੋਂ ਹਟਾ ਕੇ ਸਿਖਿਆ ਅਤੇ ਸਿਹਤ ਦੀ ਸਥਿਤੀ ਵੱਲ ਵੀ ਮੋੜਨ ਦੀ ਧਾਰਨਾ ਦੇ ਬਾਨੀ ਅਮ੍ਰਿਤਯ ਸੇਨ ਦੇ ਇੱਕ ਚਾਲੀ ਸਾਲ ਪੁਰਾਣੇ ਸਹਿਜ ਸਵਾਲ ਦਾ ਵੀ ਹਵਾਲਾ ਦਿੱਤਾ ਹੈ ਕਿ ਬਰਾਬਰੀ ਕਿਸ ਗੱਲ ਦੀ ਹੈ? ਫਿਰ ਉਨ੍ਹਾਂ ਦਾ ਹੀ ਜਵਾਬ ਵੀ ਇੱਕ ਅਜਿਹਾ ਭਵਿੱਖ, ਜਿਸ ਨੂੰ ਹਾਸਲ ਕਰਨ ਲਈ ਅਸੀਂ ਸਾਰੇ ਸਾਧਨਾਂ ਦੀ ਆਸ ਰੱਖਦੇ ਹਾਂ; ਉਨ੍ਹਾਂ ਸਾਧਨਾਂ ਦੀ ਪ੍ਰਾਪਤੀ 'ਚ ਬਰਾਬਰੀ ਦੀ। ਇਸ ਰਿਪੋਰਟ ਦਾ ਸਿਰਲੇਖ ਹੈ 'ਆਮਦਨ, ਔਸਤਾਂ ਅਤੇ ਵਰਤਮਾਨ ਤੋਂ ਦੂਰ'। ਇਸ ਰਿਪੋਰਟ ਵਿੱਚ ਨਵੇਂ ਸੰਕਟ ਵੱਲ ਇਸ਼ਾਰਾ ਕੀਤਾ ਗਿਆ ਹੈ ਕਿ ਭਾਰਤ ਵਰਗੇ ਦੇਸ਼ਾਂ ਵਿੱਚ ਵਧਦੀ ਨਾਬਰਾਬਰੀ ਹੋਰ ਵਧ ਰਹੀ ਹੈ। ਨਾਬਰਾਬਰੀ ਦੀ ਇੱਕ ਲਹਿਰ ਦਿਖਾਈ ਦੇ ਰਹੀ ਹੈ, ਜਿਹੜੀ ਜਨਮ ਤੋਂ ਬੱਚੇ ਨੂੰ ਮੌਕੇ ਦੀ ਨਾਬਰਾਬਰੀ ਨਾਲ ਘੇਰ ਲੈਂਦੀ ਹੈ ਅਤੇ ਜਿਹੜੀ ਉਸ ਦੇ ਬਾਲਗ ਹੋਣ ਅਤੇ ਬੁਢਾਪੇ ਤੱਕ ਹੀ ਨਹੀਂ, ਸਗੋਂ ਅਗਲੀ ਪੀੜ੍ਹੀ ਤੱਕ ਦੇ ਜੀਵਨ ਨੂੰ ਪ੍ਰਭਾਵਨਤ ਕਰਦੀ ਰਹਿੰਦੀ ਹੈ, ਰਿਪੋਰਟ ਵਿੱਚ ਭਾਰਤ ਦੀ ਸਥਿਤੀ ਦਾ ਹਵਾਲਾ ਦਿੰਦੇ ਹੋਏ ਇਹ ਗੱਲ ਕਹੀ ਗਈ ਹੈ।

ਇਸ ਵਿੱਚ ਅੰਕੜਿਆਂ ਰਾਹੀਂ ਦੱਸਿਆ ਗਿਆ ਹੈ ਕਿ ਉਚੇ ਮਨੁੱਖੀ ਵਿਕਾਸ ਵਾਲੇ ਦੇਸ਼ਾਂ ਅਤੇ ਹੇਠਲੇ ਸਥਾਨ ਵਾਲੇ ਦੇਸ਼ਾਂ ਵਿੱਚ ਇਹ ਫਰਕ ਇੰਨਾ ਵੱਡਾ ਹੈ ਕਿ ਜੇ ਕੁਝ ਬੱਚੇ ਖੁਸ਼ਹਾਲ ਦੇਸ਼ਾਂ ਵਿੱਚ ਸੰਨ 2000 ਵਿੱਚ ਪੈਦਾ ਹੁੰਦੇ ਹਨ ਅਤੇ ਕੁਝ ਹੇਠਲੇ ਸਥਾਨ ਵਾਲੇ ਦੇਸ਼ਾਂ ਵਿੱਚ, ਤਾਂ ਉਨ੍ਹਾਂ ਦੋਵਾਂ ਵਿੱਚ ਪਹਿਲਿਆਂ 'ਚੋਂ ਪੰਜਾਹ ਫੀਸਦੀ ਉਚ ਸਿਖਿਆ ਪ੍ਰਾਪਤ ਕਰਦੇ ਹਨ ਅਤੇ ਦੂਜੇ ਵਿੱਚ ਸਿਰਫ 33 'ਚੋਂ ਇੱਕ। ਪਹਿਲੇ ਵਿੱਚੋਂ 100 'ਚੋਂ ਸਿਰਫ ਇੱਕ, ਜਦ ਕਿ ਦੂਜੇ ਵਿੱਚ ਹਰ ਛੇ ਬੱਚਿਆਂ 'ਚੋਂ ਇੱਕ ਜਿਊਂਦਾ ਨਹੀਂ ਰਹਿੰਦਾ।

ਭਾਰਤ ਦਾ ਗਰੀਬ ਵਰਗ ਮੋਬਾਈਲ ਰੱਖਦਾ ਹੈ, ਪਰ ਘਰ ਵਿੱਚ ਕੰਪਿਊਟਰ ਨਹੀਂ। ਰਿਪੋਰਟ ਅਨੁਸਾਰ ਵਧਦੀ ਜੀ ਡੀ ਪੀ ਦਾ ਲਾਭ ਗਰੀਬ ਦੇ ਮੁਕਾਬਲੇ ਧਨਾਢ ਵਰਗ ਨੂੰ ਵੱਧ ਮਿਲਦਾ ਹੈ। ਨਤੀਜੇ ਵਜੋਂ ਨਵੀਂ ਦੌੜ ਵਿੱਚ ਗਰੀਬ ਦਾ ਬੱਚਾ ਪੱਛੜਦਾ ਜਾਂਦਾ ਹੈ। ਆਕਸਫਾਮ ਦੀ ਰਿਪੋਰਟ ਦਾ ਹਵਾਲਾ ਦੇਂਦਿਆਂ ਯੂ ਐੱਨ ਡੀ ਪੀ ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਅੱਜ ਭਾਰਤ ਵਿੱਚ 10 ਫੀਸਦੀ ਅਮੀਰਾਂ ਕੋਲ ਦੇਸ਼ ਦੀ 77 ਫੀਸਦੀ ਪੂੰਜੀ ਹੈ ਅਤੇ ਇਹ ਸਾਲੋ-ਸਾਲ ਵਧੀ ਜਾਂਦੀ ਹੈ। ਇਸ ਆਰਥਿਕ ਨਾਬਰਾਬਰੀ ਦਾ ਨਤੀਜਾ ਬਹੁਪੱਖੀ ਹੈ, ਜਿਹੜਾ ਗਰੀਬ ਤੇ ਸਿਖਿਆ ਤੇ ਸਿਹਤ ਸੇਵਾਵਾਂ ਵਿੱਚ ਰੁਕਾਵਟਾਂ ਪਾ ਰਿਹਾ ਹੈ। ਗਰੀਬ ਅੱਜ ਵੀ ਫਿਰ ਗਰੀਬੀ ਦੀ ਸੀਮਾ ਰੇਖਾ ਦੇ ਹੇਠਾਂ ਜਾਣ ਤੋਂ ਸਿਰਫ ਇੱਕ ਬਿਮਾਰੀ ਦੂਰ ਹੈ।

ਵਾਤਾਵਰਣ ਦਾ ਜੇ ਸਭ ਤੋਂ ਵੱਧ ਭੈੜਾ ਅਸਰ ਕਿਤੇ ਪੈ ਰਿਹਾ ਹੈ ਤਾਂ ਗਰੀਬਾਂ ਉਤੇ। ਅਮੀਰ ਵਿਅਕਤੀ ਕਾਰਬਨ ਪੈਦਾ ਕਰਨ ਵਾਲੀ ਜੀਵਨ ਸ਼ੈਲੀ ਅਪਣਾਉਂਦਾ ਹੈ, ਜਿਵੇਂ ਗਰਮੀ ਅਤੇ ਪ੍ਰਦੂਸ਼ਣ ਪੈਦਾ ਕਰਨ ਵਾਲੀਆਂ ਵੱਡੀਆਂ-ਵੱਡੀਆਂ, ਏਅਰ ਕੰਡੀਸ਼ਨਰ ਅਤੇ ਜਨਰੇਟਰ, ਪਰ ਉਸ ਦਾ ਅਸਰ ਕਮਜ਼ੋਰ ਵਰਗਾਂ ਨੂੰ ਸਹਿਣਾ ਪੈਂਦਾ ਹੈ। ਇਹ ਸਹੀ ਹੈ ਕਿ ਭਾਰਤ ਵਿੱਚ ਪਿਛਲੇ 19 ਸਾਲਾਂ ਵਿੱਚ ਪ੍ਰਤੀ ਵਿਅਕਤੀ ਆਮਦਨ ਤਿੰਨ ਗੁਣਾ ਹੋਈ ਹੈ ਅਤੇ ਜੀਵਨ ਜਿਊਣ ਦੀ ਆਸ ਸੱਤ ਸਾਲ ਵਧੀ ਹੈ, ਪਰ ਵਧਦੀ ਨਾਬਰਾਬਰੀ ਨਾਲ ਅਮੀਰ ਵਰਗ ਨੇ ਆਪਣੀ ਜੀਵਨ ਸ਼ੈਲੀ ਕਾਫੀ ਬਦਲੀ ਹੈ, ਜਿਸ ਦਾ ਖਮਿਆਜ਼ਾ ਉਸ ਗਰੀਬ ਨੂੰ ਮਿਲਦਾ ਹੈ, ਜਿਹੜਾ 500 ਤੋਂ ਵੀ ਵੱਧ ਐਕਯੂਆਈ ਵਿੱਚ ਮਜ਼ਦੂਰੀ ਕਰਨ ਲਈ ਮਜਬੂਰ ਹੈ। ਅਮੀਰਾਂ ਦੀਆਂ ਉਸਾਰੀ ਅਧੀਨ ਇਮਾਰਤਾਂ, ਵੱਡੀਆਂ-ਵੱਡੀਆਂ ਗੱਡੀਆਂ ਤੇ ਏਅਰਕੰਡੀਸ਼ਨਰ ਵਾਤਾਵਰਣ ਦਾ ਤਾਪਮਾਨ ਵਧਾ ਰਹੇ ਹਨ ਤੇ ਸਮੁੰਦਰ ਦੇ ਪਾਣੀ ਦਾ ਪੱਧਰ ਉਪਰ ਆਉਣ ਨਾਲ ਲੱਖਾਂ ਗਰੀਬ ਮਛੇਰਿਆਂ ਦੇ ਜੀਵਨ ਦਾ ਸੰਕਟ ਵਧ ਗਿਆ ਹੈ।

ਨਾਬਰਾਬਰੀ ਕਾਰਨ ਰਾਜਸੀ ਅਤੇ ਤਾਕਤ ਦੇ ਹੋਰ ਸੋਮੇ ਵੀ ਖੁਸ਼ਹਾਲ ਵਰਗਾਂ ਦੇ ਹੱਥਾਂ ਵਿੱਚ ਚਲੇ ਜਾਂਦੇ ਹਨ ਅਤੇ ਨੀਤੀਗਤ ਫੈਸਲੇ ਵੀ ਉਸੇ ਵਰਗਾਂ ਮੁਤਾਬਕ ਹੋਣ ਲੱਗਦੇ ਹਨ। ਰਿਪੋਰਟ ਵਿੱਚ ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਸਰਕਾਰਾਂ ਨੂੰ ਹਾਲ ਹੀ ਵਿੱਚ ਪੈਦਾ ਹੋਈਆਂ ਜਨਤਕੇ ਰੋਹ ਦੀਆਂ ਲਹਿਰਾਂ ਪ੍ਰਤੀ ਚੌਕਸ ਰਹਿਣ ਦੀ ਤਾੜਨਾ ਕੀਤੀ ਗਈ ਹੈ।




# ਸ਼ਹੀਦੀ ਹਫ਼ਤੇ ਦੀ ਦਾਸਤਾਨ

–ਡਾ. ਰੂਪ ਸਿੰਘ





ਪੋਖਿ ਤੁਖਾਰੁ ਪੜੈ ਵਣੁ ਤ੍ਰਿਣੁ ਰਸੁ ਸੋਖੈ॥ ਦੇ ਬਚਨ ਵਿੱਚ ਗੁਰੂ ਨਾਨਕ ਦੇਵ ਜੀ ਸਪਸ਼ਟ ਕਰਦੇ ਹਨ ਕਿ ਪੋਹ ਦੇ ਮਹੀਨੇ ’ਚ ਤੁਖਾਰ, ਕੱਕਰ, ਬਰਫ਼, ਪਾਲਾ ਅਤੇ ਠੰਢ ਪੈਣ ਕਾਰਨ ਕੁਦਰਤ ਦੇ ਖਿੜਾਓ ’ਚ ਪਤਝੜ ਆ ਜਾਂਦੀ ਹੈ। ਸੂਰਜ ਦੀ ਗਰਮੀ ਨਾ ਮਿਲਣ ਕਾਰਨ ਦਰੱਖਤ, ਫੁੱਲ ਤੇ ਵਣ ਤ੍ਰਿਣ ਸਭ ਮੁਰਝਾ ਜਾਂਦੇ ਹਨ। ਇਸ ਕੁਦਰਤੀ ਤਬਦੀਲੀ ਕਾਰਨ ਮਨੁੱਖੀ ਮਨ-ਸਰੀਰ ਵੀ ਖੁਸ਼ਕੀ ਮਹਿਸੂਸ ਕਰਦਾ ਹੈ ਪਰ ਜਿਹੜਾ ਮਾਨਵ ਸ਼ਕਤੀ ਅਤੇ ਸਦਾ ਵਿਗਾਸ ਦੇ ਅਮੁਕ ਸੋਮੇ ਕਰਤਾਪੁਰਖ ਨਾਲ ਆਪਣਾ ਸਦੀਵੀਂ ਸਬੰਧ ਬਣਾ ਲੈਂਦਾ ਹੈ, ਉਹ ਇਸ ਦਸ਼ਾ ’ਚ ਵੀ ਅਕਾਲਪੁਰਖ ਦੀ ਰਜ਼ਾ ਵਿੱਚ ਰਾਜ਼ੀ ਰਹਿੰਦਾ ਹੈ। ਸਿਰ-ਜਣਹਾਰ ਨੂੰ ਸਮਰਪਿਤ ਹੋ ਕੇ ਅਸੀਂ ਆਪਣਾ ਜੀਵਨ ਸੁਹਾਵਣਾ-ਸੁਖਮਈ ਬਣਾ ਸਕਦੇ ਹਾਂ। ਪੋਹ ਦੇ ਮਹੀਨੇ ਸਾਨੂੰ ਸਭ ਨੂੰ ਸਰਦੀ ਬਹੁਤ ਸਤਾਉਂਦੀ ਹੈ, ਪਰ ਆਨੰਦਪੁਰੀ ਦੇ ਆਨੰਦਮਈ ਵਾਤਾਵਰਨ, ਆਨੰਦਪੁਰ ਦੇ 8 ਮਹੀਨੇ ਦੇ ਜ਼ਬਰਦਸਤ ਘੇਰੇ, ਆਨੰਦਪੁਰ ਨੂੰ ਛੱਡਣ, ਸਿਰਸਾ ਦੇ ਭਿਆਨਕ ਯੁੱਧ, ਪਰਿਵਾਰ ਵਿਛੋੜਾ, ਚਮਕੌਰ ਦੀ ਕੱਚੀ ਗੜ੍ਹੀ ਤੇ ਸਰਹਿੰਦ ਦੀਆਂ ਦੀਵਾਰਾਂ ’ਚ ਸਾਹਿਬਜ਼ਾਦਿਆਂ ਦੇ ਜੀਉਂਦੇ ਚਿਣੇ ਜਾਣ ’ਤੇ ਮਾਤਾ ਗੁਜਰੀ ਜੀ ਦੀ ਠੰਢੇ ਬੁਰਜ ਦੀ ਦਾਸਤਾਨ ਨੂੰ ਪੜ੍ਹ-ਸੁਣ ਕੇ ਮਨ-ਸਰੀਰ ’ਚ ਰੋਸ-ਰੋਹ ਤੇ ਜੋਸ਼ ਦੀ ਲਹਿਰ ਦੌੜਦੀ ਹੈ। 8 ਤੋਂ 13 ਪੋਹ ਦੇ ਇਹ ਦਿਨ ਸਿੱਖ ਇਤਿਹਾਸ ਦੇ ਦਰਦਮਈ ਤੇ ਗੰਭੀਰ ਪ੍ਰੀਖਿਆ ਦੇ ਦਿਨ ਸਨ।

ਇੱਕ ਦਿਨ ਆਨੰਦਪੁਰ ਸਾਹਿਬ ਗੁਰੂ ਗੋਬਿੰਦ ਸਿੰਘ ਜੀ ਨੇ ਪੰਜ ਸਿਰਾਂ ਦੀ ਮੰਗ ਕਰ ਕੇ ਆਪਣੇ ਸਿੱਖਾਂ, ਸੇਵਕਾਂ ਦੀ ਪਰਖ ਕੀਤੀ। ਪੰਜ ਪਿਆਰਿਆਂ ਦਾ ਰੁਤਬਾ ਹਾਸਲ ਕਰਨ ਵਾਲਿਆਂ ਨੇ ਗੁਰੂ ਚਰਨਾਂ ’ਚ ਸੀਸ ਭੇਟ ਕੀਤੇ। ਆਨੰਦ-ਪੁਰ ਸਾਹਿਬ ਨੂੰ ਲਾਹੌਰ ਦੇ ਸੂਬੇਦਾਰ ਜ਼ਬਰਦਸਤ ਖਾਂ, ਸਰਹਿੰਦ ਦੇ ਸੂਬੇਦਾਰ ਅਤੇ ਪਹਾੜੀ ਰਾਜਿਆਂ ਨੇ ਘੇਰਾ ਪਾ ਲਿਆ। ਅੱਠ ਮਹੀਨੇ ਤੱਕ ਰਹੇ ਇਸ ਜ਼ਬਰਦਸਤ ਘੇਰੇ ਕਾਰਨ ਆਨੰਦਗੜ੍ਹ ਦੇ ਕਿਲ੍ਹੇ ’ਚ ਜਲ-ਪਾਣੀ, ਅੰਨ-ਦਾਣਾ ਆਉਣਾ ਬੰਦ ਹੋ ਗਿਆ। ਜੇ ਸਿੰਘ ਸੂਰਮੇ ਦੁਸ਼ਮਣ ਦਲਾਂ ’ਤੇ ਹਮਲਾ ਕਰਕੇ ਅੰਨ-ਪਾਣੀ ਦਾ ਪ੍ਰਬੰਧ ਕਰਦੇ ਤਾਂ ਉਨ੍ਹਾਂ ਦਾ ਕਾਫ਼ੀ ਜਾਨੀ ਨੁਕਸਾਨ ਹੋ ਜਾਂਦਾ। ਮੁਸੀਬਤ ਦੇ ਸਮੇਂ ਵੀ ਸਿੱਖਾਂ ਨੇ ਸਬਰ-ਸਿਦਕ ਤੋਂ ਕੰਮ ਲਿਆ। ਜਦੋਂ ਦੁਸ਼ਮਣ ਨੇ ਵੇਖਿਆ ਕਿ ਇਸ ਤਰ੍ਹਾਂ ਅਸੀਂ ਆਨੰਦਗੜ੍ਹ ਦੇ ਕਿਲ੍ਹੇ ’ਤੇ ਕਾਬਜ਼ ਨਹੀਂ ਹੋ ਸਕਾਂਗੇ ਤਾਂ ਉਨ੍ਹਾਂ ਕੁਰਾਨ ਸਰੀਫ਼ ਤੇ ਗਊ ਦੀਆਂ ਕਸਮਾਂ ਖਾ ਕੇ ਕਿਹਾ ਕਿ ਜੇ ਗੁਰੂ ਜੀ ਆਪਣੇ ਸਿੰਘਾਂ ਸਣੇ ਕਿਲ੍ਹੇ ਨੂੰ ਖਾਲੀ ਕਰਨ ਤਾਂ ਉਨ੍ਹਾਂ ਨੂੰ ਸੁਰੱਖਿਅਤ ਲਾਂਘਾ ਦਿੱਤਾ ਜਾਵੇਗਾ। ਕਿਲ੍ਹਾ ਖਾਲੀ ਕਰਨ ਦੀ ਦੇਰ ਸੀ ਕਿ ਦੁਸ਼ਮਣਾਂ ਨੇ ਭੁੱਖੇ ਸਿੰਘਾਂ ’ਤੇ ਹੱਲਾ ਬੋਲ ਦਿੱਤਾ। ਪੋਹ ਦੇ ਮਹੀਨੇ, ਬਾਰਸ਼ ਸਮੇਂ ਸ਼ੂਕਦੀ ਸਰਸਾ ਨਦੀ ਦੇ ਕੰਢੇ ਭਿਆਨਕ ਯੁੱਧ ਹੋਇਆ। ਭਾਈ ਬਚਿੱਤਰ ਸਿੰਘ ਤੇ ਕੁਝ ਹੋਰ ਸੂਰਮੇ ਦੁਸ਼ਮਣਾਂ ਦਾ ਮੁਕਾਬਲਾ ਕਰਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ। ਬੇਸ਼ੁਮਾਰ ਸਾਹਿਤਕ ਸਰਮਾਇਆ ਤੇ ਇਤਿਹਾਸਕ-ਧਾਰਮਿਕ ਗ੍ਰੰਥ ਸਿਰਸਾ ਨਦੀ ਦੀ ਭੇਟ ਚੜ੍ਹ ਗਏ। ਸਿਰਸਾ ਕਿਨਾਰੇ ਹੀ ਕਲਗੀਧਰ ਦੇ ਪਰਿਵਾਰ ਦਾ ਵਿਛੋੜਾ ਪੈ ਗਿਆ। ਗੁਰੂ ਪਰਿਵਾਰ ਤਿੰਨ ਹਿੱਸਿਆਂ ਤੇ ਤਿੰਨ ਦਿਸ਼ਾਵਾਂ ’ਚ ਵੰਡਿਆ ਗਿਆ। ਗੁਰੂ ਗੋਬਿੰਦ ਸਿੰਘ ਜੀ ਤੇ ਦੋਵੇਂ ਵੱਡੇ ਸਾਹਿਬਜ਼ਾਦੇ ਅਤੇ ਗਿਣਤੀ ਦੇ ਸਿੰਘ ਚਮਕੌਰ ਦੀ ਕੱਚੀ ਗੜ੍ਹੀ ’ਚ, ਮਾਤਾ ਸੁੰਦਰੀ ਤੇ ਮਾਤਾ ਸਾਹਿਬ ਦੇਵਾ ਭਾਈ ਮਨੀ ਸਿੰਘ ਦੇ ਨਾਲ ਦਿੱਲੀ ਨੂੰ ਅਤੇ ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦੇ ਗੰਗੂ ਰਸੋਈਏ ਨਾਲ ਇੱਕ ਪਾਸੇ ਨੂੰ ਚੱਲ ਪਏ। ਚਮਕੌਰ ਦੀ ਕੱਚੀ ਗੜ੍ਹੀ ਵੱਡੇ ਸਾਹਿਬਜ਼ਾਦਿਆਂ, ਤਿੰਨ ਪਿਆਰਿਆਂ ਤੇ ਚਾਲੀ ਸਿੰਘਾਂ ਨੇ ਦਸ ਲੱਖ ਫ਼ੌਜ ਦਾ ਮੁਕਾਬਲਾ ਬੇਮਿਸਾਲ ਬਹਾਦਰੀ ਨਾਲ ਕੀਤਾ। ਚਮਕੌਰ ਦੀ ਗੜ੍ਹੀ ’ਚ ਗੁਰੂ ਗੋਬਿੰਦ ਸਿੰਘ ਜੀ ਨੇ ਗੁਰੂ-ਪੰਥ ਦੀ ਸਰਵਉੱਚਤਾ ਦਾ ਪੰਜ ਪਿਆਰਿਆਂ ਦੇ ਰੂਪ ’ਚ ਸਵੀਕਾਰ ਤੇ ਸਤਿਕਾਰ ਕਰਦਿਆਂ ਗੁਰੂ ਚੇਲੇ ਦੀ ਅਭੇਦਤਾ ਦੇ ਸਿਧਾਂਤ ਨੂੰ ਪ੍ਰਗਟ ਕੀਤਾ। ਗੁਰੂ-ਪੰਥ ਦੇ ਹੁਕਮ ਅਨੁਸਾਰ ਗੁਰੂ ਗੋਬਿੰਦ ਸਿੰਘ ਜੀ ਦੁਸ਼ਮਣ ਦਲਾਂ ਨੂੰ ਚੀਰਦੇ ਹੋਏ ਮਾਛੀਵਾੜੇ ਦੇ ਜੰਗਲਾਂ ਦੇ ਵਾਸੀ ਬਣੇ। ਧੰਨ ਦੇ ਲਾਲਚ ’ਚ ਗੰਗੂ ਰਸੋਈਏ ਨੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਨੂੰ ਫੜਾਉਣ ਦੀ ਮੁਖ਼ਬਰੀ ਕੀਤੀ ਸੀ। ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦਿਆਂ ਨੂੰ ਸਰਹਿੰਦ ਦੇ ਸੂਬੇਦਾਰ ਨੇ ਬੰਦੀ ਬਣਾ, ਠੰਢੇ ਬੁਰਜ ’ਚ ਕੈਦ ਕਰ ਦਿੱਤਾ। ਬੁਰਜ ਆਮ ਕਰਕੇ ਕਿਲ੍ਹਿਆਂ, ਸ਼ਾਹੀ ਮਹਿਲਾਂ ਦੇ ਕਿਨਾਰੇ ਜਾਂ ਖੁੱਲ੍ਹੇ ’ਚ ਉੱਚੇ ਉਸਾਰੇ ਜਾਂਦੇ ਹਨ। ਬੁਰਜ ਗੋਲਕਾਰ, ਚਕੌਣੇ ਜਾਂ ਅਠਕੋਣੇ ਹੁੰਦੇ ਹਨ, ਜਿਨ੍ਹਾਂ ਤੋਂ ਸੁਰੱਖਿਆ ਕਰਮਚਾਰੀ ਚੁਫੇਰੇ ਦੇਖ ਸਕਦੇ ਸਨ। ਪੋਹ ਦਾ ਮਹੀਨਾ ਤੇ ਉੱਚਾ ਖੁੱਲ੍ਹਾ ਬੁਰਜ ਵਿੱਚ ਮੁਸੀਬਤਾਂ ਨਾਲ ਜੂਝ ਰਹੀ ਮਾਤਾ ਨੇ ਆਪਣੇ ਪੋਤਰਿਆਂ ਨੂੰ ਕਿਵੇਂ ਆਪਣੇ ਬਜ਼ੁਰਗ ਸਰੀਰ ਦੀ ਗਰਮਾਇਸ਼ ਨਾਲ ਗਰਮ ਰੱਖਿਆ ਹੋਵੇਗਾ, ਇਸ ਦੀ ਕਲਪਨਾ ਕਰਨੀ ਵੀ ਮੁਸ਼ਕਲ ਹੈ। ਵਜ਼ੀਰ ਖਾਂ ਦੀ ਕਚਹਿਰੀ ’ਚ ਭੇਜਣ ਸਮੇਂ ਮਾਤਾ ਗੁਜਰੀ ਜੀ ਨੂੰ ਪਤਾ ਸੀ ਕਿ ਉਸ ਦੇ ਲਾਲਾਂ ਨੇ ਸ਼ਹੀਦ ਹੋ ਜਾਣਾ ਹੈ। ਸੂਬੇਦਾਰ ਸਰਹਿੰਦ ਵਜ਼ੀਰ ਖਾਂ ਤੇ ਕਾਜ਼ੀ ਦੇ ਵਕਤੀ-ਖੁਸ਼ਾਮਦ ਭਰਪੂਰ ਫ਼ਤਵਾ ਸੁਣਾਉਣ ’ਤੇ ਛੋਟੇ ਸਾਹਿਬਜ਼ਾਦਿਆਂ ਨੂੰ ਨੀਂਹਾਂ ’ਚ ਚਿਣ ਕੇ ਸ਼ਹੀਦ ਕਰ ਦਿੱਤਾ ਗਿਆ। ਬਾਬਾ ਫਤਹਿ ਸਿੰਘ, ਗੁਰੂ ਗੋਬਿੰਦ ਸਿੰਘ ਦੇ ਲਾਡਲੇ ਲਾਲ ਛੋਟੇ ਸਾਹਿਬਜ਼ਾਦੇ ਸਨ ਜਿਨ੍ਹਾਂ ਦੀ ਅਗਵਾਈ ’ਚ ਗੁਰੂ ਸਾਹਿਬ ਦੀਆਂ ਲਾਡਲੀਆਂ ਫ਼ੌਜਾਂ ਨਿਹੰਗ ਸਿੰਘ ਕਾਰਜਸ਼ੀਲ ਹਨ। ਸਰਹਿੰਦ ਦਾ ਸ਼ਹੀਦੀ ਸਾਕਾ ਵਾਪਰਨ ’ਤੇ ਸੰਸਾਰ ਵਿੱਚ ਹਾਹਾਕਾਰ ਮਚ ਗਈ। ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਦੀ ਸ਼ਹੀਦੀ ਦੀ ਦਾਸਤਾਨ ਸੁਣ ਕੇ ਗੁਰੂ ਜੀ ਗ਼ਮਗੀਨ ਨਹੀਂ ਹੋਏ ਸਗੋਂ ਫ਼ਖਰ ਨਾਲ ਕਿਹਾ ਸੀ:

ਇਨ ਪੁਤ੍ਰਨ ਕੇ ਸੀਸ ਮੈ ਵਾਰ ਦੀਏ ਸੁਤ ਚਾਰ।<br>
ਚਾਰ ਮੁਏ ਤੋਂ ਕਿਆ ਭਲਾ ਜੀਵਤ ਕਈ ਹਜ਼ਾਰ।

ਸਰਹਿੰਦ ਦੇ ਦਰਦਮਈ ਸਾਕੇ ’ਤੇ ਨਵਾਬ ਮਾਲੇਰਕੋਟਲੇ, ਮੋਤੀ ਮਹਿਰੇ ਤੇ ਦੀਵਾਨ ਟੋਡਰ ਮੱਲ ਨੇ ਹਾਅ ਦਾ ਨਾਅਰਾ ਮਾਰਿਆ। ਦਸਮੇਸ਼ ਪਿਤਾ ਨੇ ਸਿੱਖੀ ਦੇ ਬਾਗ਼ ਨੂੰ ਪਿਤਾ, ਸਾਹਿਬਜ਼ਾਦਿਆਂ, ਬਜ਼ੁਰਗ ਮਾਤਾ, ਤਿੰਨ ਪਿਆਰੇ, ਭਾਈ ਸੰਗਤ ਸਿੰਘ ਜੀ, ਭਾਈ ਜੀਵਨ ਸਿੰਘ ਜੀ ਵਰਗੇ ਮਹਾਨ ਗੁਰਸਿੱਖਾਂ ਦੇ ਪਵਿੱਤਰ ਖ਼ੂਨ ਨਾਲ ਸਿੰਝ ਕੇ ਖੜਾਓ ਬਖਸ਼ਿਸ਼ ਕੀਤਾ। ਸਾਹਿਬਜ਼ਾਦੇ ਤੇ ਮਾਤਾ ਗੁਜਰੀ ਜੀ ਕਥਨੀ-ਕਰਨੀ ਤੇ ਕਿਰਦਾਰ ਦੇ ਸੂਰਮੇ ਤੇ ਸੂਰਬੀਰ-ਬਚਨ ਕੇ ਬਲੀ ਸ਼ਹੀਦ ਸਨ। ਇਸ ਸ਼ਹੀਦੀ ਹਫ਼ਤੇ ਸਮੇਂ ਸਾਡਾ ਕਾਰ-ਵਿਹਾਰ, ਅਚਾਰ, ਰਹਿਣ-ਸਹਿਣ ਤੇ ਖਾਣ-ਪੀਣ ’ਚ ਫ਼ਰਕ ਦਿਖਾਈ ਦੇਣਾ ਚਾਹੀਦਾ ਹੈ। ਨਿੱਜੀ ਰੂਪ ਵਿਚ ਅਸੀਂ ਭਾਵੇਂ ਸਾਰੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰੀ ਨੂੰ ਸ਼ਰਧਾ ਸਤਿਕਾਰ ਭੇਟ ਕਰਨ ਲਈ ਨਹੀਂ ਪਹੁੰਚ ਸਕਦੇ, ਪਰ ਸਾਨੂੰ ਇਨ੍ਹਾਂ ਦਿਨਾਂ ਦੇ ਸਦਮੇ ਦਾ ਅਹਿਸਾਸ ਜ਼ਰੂਰ ਹੋਣਾ ਚਾਹੀਦਾ ਹੈ। ਇਹ ਸਾਡਾ ਕੌਮੀ ਸ਼ਹੀਦੀ ਹਫ਼ਤਾ ਹੈ ਇਸ ਦੌਰਾਨ ਖ਼ੁਸ਼ੀ ਦੇ ਪ੍ਰੋਗਰਾਮ ਨਹੀਂ ਰੱਖਣੇ ਚਾਹੀਦੇ, ਇਸ ਕੌਮੀ ਸ਼ਹੀਦੀ ਸਭਾ ਦੇ ਦਿਨਾਂ ’ਚ ਗੰਭੀਰਤਾ ਹੋਵੇ ਤੇ ਗ਼ਮ ਦਾ ਅਹਿਸਾਸ ਹੋਣਾ ਚਾਹੀਦਾ ਹੈ।


ਘਰ ਵੇਚਣਾ ਜਾਂ ਖਰੀਦਣਾ ਚਾਹੁੰਦੇ ਹੋ?



Anabela Serra
Sales Representative

ਸੰਪਰਕ ਕਰੋ:
416-400-5825

ROYAL LEPAGE
SUPREME REALTY, BROKERAGE
INDEPENDENTLY OWNED AND OPERATED

You're Invited To..
OPEN HOUSE
Saturday/Sunday 2pm to 4pm

“ਟੋਰਾਂਟੋ ਵਿੱਚ ਬਹੁਤ ਹੀ ਵਧੀਆ ਲੋਕੇਸ਼ਨ ਤੇ”

1 Lagos Road | Etobicoke, Ontario



This Astounding Fully Renovated 3 Bedroom Home Features Top Quality Materials With Tasteful Finishes, Great Workmanship And Attention To Detail. Gleaming Hardwood Flooring Throughout, And 3 Sparkling New Bathrooms. Brand New Stainless Steel Appliances In Chefs Delight Kitchen. Separate Entrance To Basement, Possibility Of A Bachelor Apartment. Steps Away From Elementary School, Parks, Kipling Plaza And Public Library.

For More listings Visit anabelaserra.com



AUJLA LAW OFFICE
NOTARY PUBLIC
Barrister, Solicitor & Notary Public

ਅਸੀਂ ਹਰ ਕਾਨੂੰਨੀ ਸੱਮਸਿਆ ਨੂੰ ਹਲ ਕਰਨ ਵਿੱਚ ਮਦਦ ਕਰਦੇ ਹਾਂ

ਆਪ ਸਭ ਨੂੰ ਨਵੇਂ ਸਾਲ ਦੀਆਂ ਬੁਹਤ ਬਹੁਤ ਸੁਭ ਕਾਮਨਾਵਾਂ ਤੇ ਆਉਣ ਵਾਲਾ ਸਾਲ ਆਪ ਲਈ ਖੁਸ਼ੀਆਂ ਲੈ ਕੇ ਆਵੇ



Harsimrat Aujla
905-564-0040

218 Export Blvd Unit 406, Mississauga, ON L5S 0A7

# ਮਨਜੀਤ ਸਿੰਘ ਜੀ ਕੇ ਨੇ ਪੁੱਛਿਆ: ਸੁਖਬੀਰ ਸਿੰਘ ਬਾਦਲ ਨੇ ਕਿਨ੍ਹਾਂ 75000 ਅਫਗਾਨ ਸ਼ਰਨਾਰਥੀਆਂ ਨੂੰ ਨਾਗਰਿਕਤਾ ਦਿਵਾ ਦਿੱਤੀ ਹੈ



ਜਲੰਧਰ, 22 ਦਸੰਬਰ (ਪੋਸਟ ਬਿਊਰੋ)- ਅਫਗਾਨਿਸਤਾਨ ਵਿੱਚੋਂ ਧਾਰਮਿਕ ਤਸ਼ੱਦਦ ਦਾ ਸ਼ਿਕਾਰ ਹੋ ਕੇ ਭਾਰਤ ਨੂੰ ਆਏ ਹਿੰਦੂ-ਸਿੱਖ ਸ਼ਰਨਾਰਥੀਆਂ ਵਿੱਚੋਂ ਲਗਭਗ 5000 ਲੋਕਾਂ ਨੂੰ ਨਾਗਰਿਕਤਾ ਸੋਧ ਐਕਟ ਹੇਠ ਨਾਗਰਿਕਤਾ ਮਿਲ ਸਕਣ ਦੀ ਆਸ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜਿੰਦਰ ਸਿੰਘ ਪਤਾ ਨਹੀਂ 75000 ਅਫਗਾਨ ਸ਼ਰਨਾਰਥੀ ਸਿੱਖਾਂ ਨੂੰ ਨਵੇਂ ਕਾਨੂੰਨ ਰਾਹੀਂ ਨਾਗਰਿਕਤਾ ਮਿਲਣ ਦਾ ਦਾਅਵਾ ਕਰਦੇ ਪਏ ਹਨ? ਇਹ ਸਵਾਲ ਦਿੱਲੀ ਦੇ ਸਿੱਖ ਆਗੂ ਮਨਜੀਤ ਸਿੰਘ ਜੀ ਕੇ ਨੇ ਉਠਾਇਆ ਹੈ।

ਮਨਜੀਤ ਸਿੰਘ ਜੀ ਕੇ ਕਿਹਾ ਕਿ 1992 ਵਿੱਚ ਨਜੀਬੁਲਾ ਸਰਕਾਰ ਦੇ ਹਟਣ ਮਗਰੋਂ ਦੇ ਮੁਜਾਹਦੀਨ ਸੰਘਰਸ਼ ਦੀ ਸ਼ੁਰੂ ਵੇਲੇ ਅਫਗਾਨਿਸਤਾਨ ਤੋਂ ਗੈਰ ਮੁਸਲਮਾਨਾਂ ਦਾ ਨਿਕਲਣਾ ਸ਼ੁਰੂ ਹੋਇਆ ਸੀ। ਓਦੋਂ ਵੀ ਓਥੇ ਹਿੰਦੂਆਂ ਅਤੇ ਸਿੱਖਾਂ ਦੀ ਕੁੱਲ ਆਬਾਦੀ 75 ਹਜ਼ਾਰ ਨਹੀਂ ਸੀ, ਬਾਅਦ ਵਿੱਚ ਕਈ ਲੋਕ ਨਿਕਲ ਗਏ ਤਾਂ ਹੋਰ ਘੱਟ ਹੋ ਗਏ, ਪਰ ਪਤਾ ਨਹੀਂ ਕਿਸ ਫੋਕੀ ਸ਼ੋਹਰਤ ਲਈ ਅਕਾਲੀ ਆਗੂ ਸਾਰੇ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ? ਉਨ੍ਹਾਂ ਨੇ ਮੀਡੀਆ ਦੀਆਂ ਖਬਰਾਂ ਦੇ ਆਧਾਰ ਉੱਤੇ ਸਵਾਲ ਕੀਤਾ ਕਿ ਜਦੋਂ ਉਸ ਦੇਸ਼ ਵਿੱਚ ਦਸ ਹਜ਼ਾਰ ਵੀ ਸਿੱਖ ਨਹੀਂ ਤਾਂ ਸੁਖਬੀਰ ਸਿੰਘ ਬਾਦਲ ਨੂੰ ਕਿਹੜੇ 75000 ਅਫਗਾਨੀ ਸਿੱਖਾਂ ਨੂੰ ਨਾਗਰਿਕਤਾ ਦਿਵਾ ਦੇਣਗੇ, ਉਹ ਸਿੱਖ ਕੌਮ ਨੂੰ ਝੂਠੇ ਤੱਥਾਂ ਨਾਲ ਗੁੰਮ-ਰਾਹ ਕਿਉਂ ਕਰੀ ਜਾ ਰਹੇ ਹਨ।

ਮਨਜੀਤ ਸਿੰਘ ਜੀ ਕੇ ਨੇ ਖਜਿੰਦਰ ਸਿੰਘ ਵੱਲੋਂ ਲਿਖੀ 'ਸਿੱਖ ਇਨ ਅਫਗਾਨਿਸਤਾਨ' ਕਿਤਾਬ ਦੇ ਹਵਾਲੇ ਨਾਲ ਕਿਹਾ ਕਿ 1980 ਤੋਂ ਪਹਿਲਾਂ ਉਥੇ ਹਿੰਦੂ-ਸਿੱਖਾਂ ਦੀ ਗਿਣਤੀ 75 ਤੋਂ 85 ਹਜ਼ਾਰ ਤੇ 1992 ਵਿੱਚ ਸੱਤਰ ਹਜ਼ਾਰ ਦੇ ਨੇੜੇ ਸੀ। ਫਿਰ 1992 ਵਿੱਚ ਗ੍ਰਹਿ ਯੁੱਧ ਛਿੜਨ ਤੋਂ ਬਾਅਦ ਇਸ ਵਿੱਚੋਂ 50-60 ਫੀਸਦੀ ਆਬਾਦੀ ਅਫਗਾਨਿਸਤਾਨ ਛੱਡ ਕੇ ਚਲੀ ਗਈ ਸੀ, ਜਿਸ ਵਿੱਚੋਂ 10 ਤੋਂ 20 ਹਜ਼ਾਰ ਲੋਕ ਓਦੋਂ ਭਾਰਤ ਆ ਗਏ ਸਨ। ਸਾਲ 1996 ਵਿੱਚ ਤਾਲਿਬਾਨ ਦੇ ਕਹਿਰ ਦੇ ਵਕਤ 10 ਹਜ਼ਾਰ ਦੇ ਕਰੀਬ ਸ਼ਰਨਾਰਥੀ ਹੋਰ ਭਾਰਤ ਆ ਗਏ, ਜਿਨ੍ਹਾਂ ਵਿੱਚੋਂ ਪੰਜ ਹਜ਼ਾਰ ਦੇ ਕਰੀਬ ਅੱਗੋਂ ਭਾਰਤ ਤੋਂ ਉੱਠ ਕੇ ਇੰਗਲੈਂਡ ਤੇ ਹੋਰ ਦੇਸ਼ਾਂ ਵਿੱਚ ਸਿਆਸ ਸ਼ਰਨ ਲੈਣ ਚਲੇ ਗਏ ਸਨ। ਮਨਜੀਤ ਸਿੰਘ ਜੀ ਕੇ ਨੇ ਕਿਹਾ ਕਿ ਇਸ ਸਮੇਂ ਅਫਗਾਨਿਸਤਾਨ ਵਿੱਚ ਮਸਾਂ ਇੱਕ ਜਾਂ ਡੇਢ ਹਜ਼ਾਰ ਹਿੰਦੂ ਅਤੇ ਸਿੱਖ ਵੱਸਦੇ ਹਨ। ਭਾਰਤ ਵਿੱਚ ਇਸ ਸਮੇਂ ਵਸਦੇ 15 ਤੋਂ 20 ਹਜ਼ਾਰ ਅਫਗਾਨੀ ਸ਼ਰਨਾਰਥੀਆਂ 'ਚੋਂ ਅੱਧੇ ਤੋਂ ਵੱਧ ਨੂੰ ਪੁਰਾਣੇ ਨਾਗਰਿਕਤਾ ਕਾਨੂੰਨ ਅਤੇ ਨਾਗਰਿਕਤਾ ਸੋਧ ਐਕਟ ਨਾਲ ਏਥੋਂ ਦੀ ਨਾਗਰਿਕਤਾ ਮਿਲ ਚੁੱਕੀ ਹੈ। ਬਾਕੀ ਰਹਿੰਦੇ ਲਗਭਗ ਪੰਜ ਹਜ਼ਾਰ ਲੋਕਾਂ ਨੂੰ ਨਾਗਰਿਕਤਾ ਸੋਧ ਰਾਹੀਂ ਨਾਗਰਿਕਤਾ ਮਿਲ ਸਕਦੀ ਹੈ ਕਿਉਂਕਿ ਇਨ੍ਹਾਂ ਦੇ ਕਾਗਜ਼ਾਤ ਪਹਿਲਾਂ ਤਕਨੀਕੀ ਖਾਮੀਆਂ ਦੇ ਕਾਰਨ ਰੱਦ ਹੋਏ ਸਨ, ਜਦ ਕਿ ਪੁਰਾਣੇ ਕਾਨੂੰਨ ਅਨੁਸਾਰ ਇਹ ਵੀ 11 ਸਾਲ ਤੋਂ ਭਾਰਤ ਵਿੱਚ ਰਹਿਣ ਦੀ ਸ਼ਰਤ ਨੂੰ ਪੂਰਾ ਕਰਦੇ ਸਨ।

# ਰਵਨੀਤ ਸਿੰਘ ਬਿੱਟੂ ਮੁਤਾਬਕ ਪੰਜਾਬ ਸਰਕਾਰ ਦੇ ਖਰਾਬ ਅਕਸ ਲਈ ਮਨਪ੍ਰੀਤ ਸਿੰਘ ਬਾਦਲ ਜ਼ਿੰਮੇਵਾਰ



ਬਠਿੰਡਾ, 22 ਦਸੰਬਰ (ਪੋਸਟ ਬਿਊਰੋ)- ਪੰਜਾਬ ਵਿੱਚ ਕਾਂਗਰਸ ਸਰਕਾਰ ਦੇ ਮਾੜੇ ਅਕਸ ਦਾ ਭਾਂਡਾ ਲੁਧਿਆਣੇ ਤੋਂ ਲੋਕ ਸਭਾ ਮੈਂਬਰ ਰਵਨੀਤ ਸਿੰਘ ਬਿੱਟੂ ਨੇ ਆਪਣੀ ਹੀ ਪਾਰਟੀ ਦੇ ਪੰਜਾਬ ਦੇ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਦੇ ਸਿਰ ਭੰਨਿਆ ਹੈ। ਸਾਲ 2015 ਦੌਰਾਨ ਖੇਤੀਬਾੜੀ ਦਫਤਰ ਦੀ ਭੰਨਤੋੜ ਦੇ ਕੇਸ ਵਿੱਚ ਬਠਿੰਡਾ ਅਦਾਲਤ 'ਚ ਪੇਸ਼ੀ ਭੁਗਤਣ ਤੋਂ ਬਾਅਦ ਰਵਨੀਤ ਸਿੰਘ ਬਿੱਟੂ ਨੇ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ 'ਤੇ ਤਿੱਖੇ ਹਮਲੇ ਕੀਤੇ।

